ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 26 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੧੧ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੇ ਲੋਕ ਸਭਾ ਸੈਸ਼ਨ 'ਚ ਸ਼ਾਮਲ ਹੋਣ ਲਈ ਮੰਗੀ ਇਜਾਜ਼ਤ

**ਚੰਡੀਗੜ੍ਹ, 25 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੇ ਲੋਕ ਸਭਾ ਸਪੀਕਰ ਤੋਂ ਮੌਜੂਦਾ ਮੌਨਸੂਨ ਸੈਸ਼ਨ ਵਿਚ ਸ਼ਾਮਲ ਹੋਣ ਦੀ ਇਜਾਜ਼ਤ ਮੰਗੀ ਹੈ। ਇਸ ਸਬੰਧੀ ਉਨ੍ਹਾਂ ਦੇ ਪਿਤਾ ਤਰਸੇਮ ਸਿੰਘ ਨੇ ਇਕ ਚਿੱਠੀ ਜਨਤਕ ਕੀਤੀ ਹੈ, ਜਿਸ ਵਿਚ ਸੰਸਦ ਮੈਂਬਰ ਵੱਲੋਂ 20 ਜੁਲਾਈ ਤੋਂ 13 ਅਗਸਤ, 2026 ਤੱਕ ਚੱਲ ਰਹੇ ਸੰਸਦ ਦੇ ਮੌਨਸੂਨ ਸੈਸ਼ਨ ਵਿਚ ਸ਼ਾਮਲ ਹੋਣ ਲਈ ਇਜਾਜ਼ਤ ਮੰਗੀ ਹੈ। ਤਰਸੇਮ ਸਿੰਘ ਨੇ ਕਿਹਾ ਕਿ ਲੋਕਾਂ ਦਾ ਚੁਣਿਆ ਹੋਇਆ ਨੁਮਾਇੰਦਾ ਹੋਣ ਦੇ ਬਾਵਜੂਦ ਉਨ੍ਹਾਂ ਦੇ ਪੁੱਤਰ ਨੂੰ ਕਿਸੇ ਵੀ ਪਾਰਲੀਮੈਂਟ ਸੈਸ਼ਨ ਵਿਚ ਸ਼ਾਮਲ ਨਹੀਂ ਹੋਣ ਦਿੱਤਾ ਜਾ ਰਿਹਾ ਹੈ, ਜਿਸ ਕਾਰਨ ਉਹ ਆਪਣੇ ਹਲਕੇ ਦੇ ਮੁੱਦੇ ਚੁੱਕਣ ਅਤੇ ਆਪਣੇ ਸੰਸਦੀ ਫਰਜ਼ ਨਿਭਾਉਣ ਤੋਂ ਅਸਮਰੱਥ ਰਹੇ ਹਨ। ਉਨ੍ਹਾਂ ਕਿਹਾ ਕਿ ਕਿ ਐੱਨ. ਐੱਸ. ਏ. ਹਟਾਏ ਜਾਣ ਤੋਂ ਬਾਅਦ ਵੀ, ਅੰਮ੍ਰਿਤਪਾਲ ਸਿੰਘ ਨੂੰ ਅਸਾਮ ਦੀ ਡਿਬਰੂਗੜ੍ਹ ਕੇਂਦਰੀ ਜੇਲ੍ਹ ਵਿਚ ਹੀ ਕੈਦ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਉਹ ਲੋਕ ਸਭਾ ਵਿਚ ਪੰਜਾਬ ਵਿਚ ਵਧ ਰਹੇ ਨਸ਼ੇ, ਹੜ੍ਹਾਂ ਅਤੇ ਵਿਗੜ ਰਹੀ ਕਾਨੂੰਨ ਵਿਵਸਥਾ ਜਿਹੇ ਮੁੱਦੇ ਚੁੱਕਣੇ ਚਾਹੁੰਦੇ ਹਨ, ਪਰ ਉਨ੍ਹਾਂ ਨੂੰ ਸੈਸ਼ਨ ਵਿਚ ਹਿੱਸਾ ਨਹੀਂ ਲੈਣ ਦਿੱਤਾ ਜਾ ਰਿਹਾ।



## ਮੋਦੀ ਸਰਕਾਰ ਦੀ 'ਵੱਡੀ ਹਾਰ'

# ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੂੰ ਦੇਣਾ ਪਿਆ ਅਸਤੀਫ਼ਾ

**ਨਵੀਂ ਦਿੱਲੀ, 25 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਅਸਤੀਫ਼ਾ ਦੇ ਦਿੱਤਾ ਹੈ। ਉਨ੍ਹਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਆਪਣਾ ਅਸਤੀਫ਼ਾ ਸੌਂਪ ਦਿੱਤਾ ਹੈ। ਉਨ੍ਹਾਂ ਨੇ ਇਹ ਫੈਸਲਾ NEET-UG ਪ੍ਰੀਖਿਆ ਵਿੱਚ ਬੇਨਿਯਮੀਆਂ ਨੂੰ ਲੈ ਕੇ ਦੇਸ਼ ਵਿਆਪੀ ਵਿਵਾਦ ਅਤੇ ਜੰਤਰ-ਮੰਤਰ 'ਤੇ ਚੱਲ ਰਹੇ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨਾਂ ਵਿਚਕਾਰ ਲਿਆ। ਧਰਮਿੰਦਰ ਪ੍ਰਧਾਨ ਨੇ ਸੋਸ਼ਲ ਮੀਡੀਆ 'ਤੇ ਇਸਦਾ ਐਲਾਨ ਕੀਤਾ ਅਤੇ ਆਪਣੇ ਅਸਤੀਫ਼ੇ ਦਾ ਕਾਰਨ ਦੱਸਿਆ। ਆਪਣੇ ਪੱਤਰ ਵਿੱਚ, ਉਨ੍ਹਾਂ ਨੇ ਲਿਖਿਆ ਕਿ ਚਾਰ ਦਹਾਕਿਆਂ ਤੋਂ ਵੱਧ ਸਮੇਂ ਤੋਂ, ਉਹ ਵਿਦਿਆਰਥੀਆਂ, ਅਧਿਆਪਕਾਂ ਅਤੇ ਵਿਦਿਅਕ ਸੁਧਾਰਾਂ ਲਈ ਸਮਰਪਿਤ ਰਹੇ ਹਨ। ਉਨ੍ਹਾਂ ਦਾ ਹਮੇਸ਼ਾ ਮੰਨਣਾ ਹੈ ਕਿ ਇੱਕ ਮਜ਼ਬੂਤ, ਸਮਾਵੇਸ਼ੀ ਅਤੇ ਦੂਰਦਰਸ਼ੀ ਸਿੱਖਿਆ ਪ੍ਰਣਾਲੀ ਕਿਸੇ ਵੀ ਦੇਸ਼ ਦੇ ਵਿਕਾਸ ਦੀ ਨੀਂਹ ਪੱਥਰ ਹੈ। ਧਰਮਿੰਦਰ ਪ੍ਰਧਾਨ ਨੇ ਕਿਹਾ, "3 ਮਈ, 2026 ਨੂੰ ਹੋਈ NEET-UG ਪ੍ਰੀਖਿਆ ਵਿੱਚ ਬੇਨਿਯਮੀਆਂ ਸੰਬੰਧੀ ਸ਼ਿਕਾਇਤਾਂ ਸਾਹਮਣੇ ਆਉਂਦੇ ਹੀ ਸਰਕਾਰ ਨੇ ਤੁਰੰਤ ਕਾਰਵਾਈ ਕੀਤੀ। ਮਾਮਲਾ ਜਾਂਚ ਲਈ ਸੀਬੀਆਈ ਨੂੰ ਸੌਂਪ ਦਿੱਤਾ ਗਿਆ, ਪ੍ਰੀਖਿਆ ਰੱਦ ਕਰਨ ਅਤੇ ਦੁਬਾਰਾ ਪ੍ਰੀਖਿਆ ਕਰਵਾਉਣ ਦਾ ਫੈਸਲਾ ਲਿਆ ਗਿਆ, ਅਤੇ ਇਹ ਐਲਾਨ ਕੀਤਾ ਗਿਆ ਕਿ ਅਗਲੇ ਸਾਲ ਤੋਂ, NEET ਪੂਰੀ ਤਰ੍ਹਾਂ ਕੰਪਿਊਟਰ-ਅਧਾਰਤ ਟੈਸਟ ਮੋਡ ਵਿੱਚ ਆਯੋਜਿਤ ਕੀਤਾ ਜਾਵੇਗਾ।" ਧਰਮਿੰਦਰ ਪ੍ਰਧਾਨ ਨੇ ਲਿਖਿਆ ਕਿ 20 ਲੱਖ ਤੋਂ ਵੱਧ ਵਿਦਿਆਰਥੀਆਂ ਲਈ ਪ੍ਰੀਖਿਆ ਨਿਰਪੱਖ ਅਤੇ ਸੁਚਾਰੂ ਢੰਗ ਨਾਲ ਕਰਵਾਉਣਾ ਉਨ੍ਹਾਂ ਦੀ ਪ੍ਰਮੁੱਖ ਤਰਜੀਹ ਸੀ। ਇਸ ਮੰਤਵ ਲਈ, ਕੇਂਦਰ ਸਰਕਾਰ, ਰਾਜ ਸਰਕਾਰਾਂ, ਜ਼ਿਲ੍ਹਾ ਪ੍ਰਸ਼ਾਸਨ, ਵਿਦਿਆਰਥੀਆਂ ਅਤੇ ਮਾਪਿਆਂ ਦੇ ਸਹਿਯੋਗ ਨਾਲ 21 ਜੂਨ, 2026 ਨੂੰ ਮੁੜ-ਪ੍ਰੀਖਿਆ ਸਫਲਤਾਪੂਰਵਕ ਕਰਵਾਈ ਗਈ। 16 ਜੁਲਾਈ ਨੂੰ ਐਲਾਨੇ ਗਏ ਨਤੀਜਿਆਂ ਵਿੱਚ, ਗਰੀਬ ਅਤੇ ਪਛੜੇ ਪਰਿਵਾਰਾਂ ਦੇ ਬਹੁਤ ਸਾਰੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੇ ਸਫਲਤਾ ਪ੍ਰਾਪਤ ਕੀਤੀ; ਹਾਲਾਂਕਿ, ਜ਼ਿੰਮੇਵਾਰ ਅਹੁਦਿਆਂ 'ਤੇ ਬੈਠੇ ਕੁਝ ਵਿਅਕਤੀਆਂ ਦੁਆਰਾ ਵਿਦਿਆਰਥੀਆਂ ਨੂੰ ਗੁੰਮਰਾਹ ਕਰਨ ਦੀਆਂ ਕੋਸ਼ਿਸ਼ਾਂ ਤੋਂ ਉਹ ਬਹੁਤ ਦੁਖੀ ਸਨ।



## 'ਝੁਕਦੀ ਹੈ ਦੁਨੀਆ, ਝੁਕਾਉਣ ਵਾਲਾ ਚਾਹੀਦੈ...'

**ਨਵੀਂ ਦਿੱਲੀ, 25 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ 'ਤੇ ਅਭਿਜੀਤ ਦੀਪਕੇ ਦੀ ਪਹਿਲੀ ਪ੍ਰਤੀਕਿਰਿਆ ਸਾਹਮਣੇ ਆਈ ਹੈ। ਪ੍ਰਧਾਨ ਦੇ ਅਸਤੀਫ਼ੇ ਬਾਰੇ ਬੋਲਦਿਆਂ ਅਭਿਜੀਤ ਦੀਪਕੇ ਨੇ ਕਿਹਾ ਕਿ 'ਝੁਕਦੀ ਹੈ ਦੁਨੀਆ, ਝੁਕਾਉਣ ਵਾਲਾ ਚਾਹੀਦੈ...। ਸੀਜੇਪੀ ਦੇ ਸੰਸਥਾਪਕ ਨੇ ਕਿਹਾ, "ਇਹ ਕਿਹਾ ਜਾਂਦਾ ਸੀ ਕਿ ਇਸ ਸਰਕਾਰ ਵਿੱਚ ਅਸਤੀਫ਼ੇ ਨਹੀਂ ਹੁੰਦੇ ਪਰ ਅਸਤੀਫ਼ਾ ਹੋਇਆ ਹੈ। ਉਨ੍ਹਾਂ ਨੇ ਕਿਹਾ, 'ਤੁਸੀਂ ਇੱਥੇ ਕਿੰਨਾ ਚਿਰ ਬੈਠੋਗੇ?' 36 ਦਿਨਾਂ ਤੱਕ, ਮੈਨੂੰ ਹਰ ਰੋਜ਼ ਪੁੱਛਿਆ ਜਾਂਦਾ ਰਿਹਾ ਕਿ ਮੈਂ ਅਸਤੀਫ਼ਾ ਕਿਉਂ ਨਹੀਂ ਦੇਵਾਂਗਾ ਪਰ ਸਰਕਾਰ ਝੁਕ ਗਈ। ਉਨ੍ਹਾਂ ਨੇ ਕੀ ਕਿਹਾ? ਇਨਕਲਾਬ ਨਹੀਂ ਹੋਵੇਗਾ ਪਰ ਇੱਕ ਇਨਕਲਾਬ ਹੋਇਆ।" ਅਭਿਜੀਤ ਦੀਪਕੇ ਤੇ ਉਨ੍ਹਾਂ ਦੇ ਸਮਰਥਕਾਂ ਨੇ ਦਿੱਲੀ ਦੇ ਜੰਤਰ-ਮੰਤਰ 'ਤੇ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਦਾ ਜਸ਼ਨ ਮਨਾਉਣਾ ਸ਼ੁਰੂ ਕਰ ਦਿੱਤਾ ਹੈ। ਅਭਿਜੀਤ ਦੀਪਕੇ ਤੇ ਉਨ੍ਹਾਂ ਦੇ ਸਾਥੀ ਇਸ ਸਮੇਂ ਜੰਤਰ-ਮੰਤਰ 'ਤੇ ਜਸ਼ਨ ਮਨਾ ਰਹੇ ਹਨ। ਇਸ ਤੋਂ ਪਹਿਲਾਂ ਪ੍ਰਧਾਨ ਨੇ ਆਪਣੇ ਅਸਤੀਫ਼ੇ ਦੇ ਨਾਲ ਇੱਕ ਪੱਤਰ ਸਾਂਝਾ ਕੀਤਾ ਸੀ। ਜ਼ਿਕਰਯੋਗ ਹੈ ਕਿ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਆਪਣਾ ਅਸਤੀਫ਼ਾ ਪ੍ਰਧਾਨ ਮੰਤਰੀ ਮੋਦੀ ਨੂੰ ਭੇਜ ਦਿੱਤਾ ਹੈ। ਆਪਣੇ ਅਸਤੀਫ਼ੇ ਪੱਤਰ ਵਿੱਚ, ਉਨ੍ਹਾਂ ਕਿਹਾ, "ਮੈਂ ਆਪਣਾ ਅਸਤੀਫ਼ਾ ਪ੍ਰਧਾਨ ਮੰਤਰੀ ਨੂੰ ਇਸ ਲਈ ਭੇਜਿਆ ਹੈ ਤਾਂ ਜੋ ਦੇਸ਼ ਵਿਰੋਧੀ ਤੱਤ ਜੰਤਰ-ਮੰਤਰ ਅਤੇ ਦੇਸ਼ ਭਰ ਵਿੱਚ ਸਥਿਤੀ ਦਾ ਫਾਇਦਾ ਉਠਾ ਨਾ ਸਕਣ, ਤਾਂ ਜੋ ਦੇਸ਼ ਇੱਕਜੁੱਟ ਰਹੇ, ਤਾਂ ਜੋ ਭਾਰਤੀ ਵਿਦਿਆਰਥੀਆਂ ਨੂੰ ਕਾਨੂੰਨੀ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ, ਅਤੇ ਉਹ ਆਪਣੀ ਪੜ੍ਹਾਈ ਅਤੇ ਕਰੀਅਰ 'ਤੇ ਧਿਆਨ ਕੇਂਦਰਿਤ ਕਰ ਸਕਣ।"



## ਬ੍ਰਿਟੇਨ ਦੇ ਪ੍ਰਧਾਨ ਮੰਤਰੀ 'ਐਂਡੀ ਬਰਨਹੈਮ' ਨੇ 'ਨੰਬਰ 10 ਨੌਰਥ' ਦਫ਼ਤਰ ਤੋਂ ਸ਼ੁਰੂ ਕੀਤਾ ਕੰਮਕਾਜ



**ਲੰਡਨ, 25 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਬ੍ਰਿਟੇਨ ਦੇ ਪ੍ਰਧਾਨ ਮੰਤਰੀ ਐਂਡੀ ਬਰਨਹੈਮ ਨੇ ਸ਼ੁੱਕਰਵਾਰ ਨੂੰ ਮੈਨਚੈਸਟਰ ਸਥਿਤ ਨਵੇਂ 'ਨੰਬਰ 10 ਨੌਰਥ' ਦਫ਼ਤਰ ਤੋਂ ਕੰਮਕਾਜ ਸ਼ੁਰੂ ਕੀਤਾ। ਇਸ ਪਹਿਲਕਦਮੀ ਦਾ ਉਦੇਸ਼ ਸਰਕਾਰ ਦੀ ਸੱਤਾ ਅਤੇ ਪ੍ਰਸ਼ਾਸਨਿਕ ਗਤੀਵਿਧੀਆਂ ਦਾ ਕੇਂਦਰ ਕੇਵਲ ਲੰਡਨ ਸਥਿਤ '10 ਡਾਊਨਿੰਗ ਸਟ੍ਰੀਟ' ਤੱਕ ਸੀਮਤ ਨਾ ਰੱਖ ਕੇ ਉਸ ਦਾ ਕੇਂਦਰੀਕਰਨ ਕਰਨਾ ਹੈ। ਮੈਨਚੈਸਟਰ ਦੇ ਹੈਰੋਨ ਹਾਊਸ ਵਿਚ ਪ੍ਰਧਾਨ ਮੰਤਰੀ ਦਫ਼ਤਰ ਦੀ ਨਵੀਂ ਉੱਤਰੀ ਸ਼ਾਖਾ 'ਨੰਬਰ 10 ਨੌਰਥ' ਨੂੰ ਬਰਨਹੈਮ ਦੇ ਪਹੁੰਚਣ ਨਾਲ ਰਸਮੀ ਤੌਰ 'ਤੇ 'ਕੰਮਕਾਜ ਲਈ ਖੁੱਲ੍ਹਾ' ਐਲਾਨਿਆ ਗਿਆ। ਇਥੇ ਉਨ੍ਹਾਂ ਨੇ ਸੀਨੀਅਰ ਮੰਤਰੀਆਂ, ਮੇਅਰਾਂ ਅਤੇ ਉਦਯੋਗ ਜਗਤ ਦੇ ਮੁੱਖ ਨੁਮਾਇੰਦਿਆਂ ਦੀ ਰਾਸ਼ਟਰੀ ਆਰਥਿਕ ਪ੍ਰੀਸ਼ਦ ਦੀ ਪਹਿਲੀ ਬੈਠਕ ਦੀ ਪ੍ਰਧਾਨਗੀ ਕੀਤੀ। ਬਰਨਹੈਮ ਦੀ ਯੋਜਨਾ ਹੈ ਕਿ ਉਹ 'ਨੰਬਰ 10 ਨੌਰਥ' ਦਫ਼ਤਰ ਵਿਚ ਹਰ ਹਫ਼ਤੇ ਘੱਟੋ-ਘੱਟ ਇਕ ਦਿਨ ਕੰਮ ਕਰਨਗੇ। ਦਫ਼ਤਰ ਦੇ ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ, "ਇਹ ਸਿਰਫ਼ ਇਕ ਨਵਾਂ ਦਫ਼ਤਰ ਨਹੀਂ ਹੈ। ਇਸ ਸਥਾਨ ਰਾਹੀਂ ਸੱਤਾ ਦਾ ਕੇਂਦਰੀਕਰਨ ਹੋਵੇਗਾ, ਨਵੀਂ ਊਰਜਾ ਦਾ ਸੰਚਾਰ ਹੋਵੇਗਾ ਅਤੇ ਨਵੇਂ ਵਿਚਾਰਾਂ ਨੂੰ ਅੱਗੇ ਵਧਣ ਦਾ ਮੌਕਾ ਮਿਲੇਗਾ।" ਬਰਨਹੈਮ ਨੇ ਕਿਹਾ, "ਮੈਂ ਸ਼ਬਦਾਂ ਵਿਚ ਬਿਆਨ ਨਹੀਂ ਕਰ ਸਕਦਾ ਕਿ ਇਹ ਮੇਰੇ ਲਈ ਕਿੰਨਾ ਮਾਣ ਵਾਲਾ ਪਲ ਹੈ। ਮੈਨੂੰ ਲੱਗਦਾ ਹੈ ਕਿ ਇਹ ਸ਼ਾਇਦ ਮੇਰੀ ਜ਼ਿੰਦਗੀ ਦਾ ਸਭ ਤੋਂ ਵਧੀਆ ਦਿਨ ਹੈ।"

## ਆਸਟ੍ਰੇਲੀਆ 'ਚ 11 ਅਗਸਤ ਤੋਂ ਸ਼ੁਰੂ ਹੋਵੇਗੀ ਮਰਦਮਸ਼ੁਮਾਰੀ; ਪੰਜਾਬੀ ਭਾਈਚਾਰੇ ਲਈ ਵਿਸ਼ੇਸ਼ ਸੁਨੇਹਾ

**ਮੈਲਬੌਰਨ, 25 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਆਸਟ੍ਰੇਲੀਆ ਭਰ ਵਿੱਚ ਹਰ ਪੰਜ ਸਾਲ ਬਾਅਦ ਕਰਵਾਈ ਜਾਣ ਵਾਲੀ ਰਾਸ਼ਟਰੀ ਮਰਦਮਸ਼ੁਮਾਰੀ ਇਸ ਵਾਰ 11 ਅਗਸਤ 2026 ਨੂੰ ਹੋਣ ਜਾ ਰਹੀ ਹੈ, ਜਿਸ ਤਹਿਤ ਮੁਲਕ ਭਰ ਦੇ ਵਸਨੀਕਾਂ ਦੀ ਗਿਣਤੀ ਦਰਜ ਕੀਤੀ ਜਾਵੇਗੀ। ਆਸਟ੍ਰੇਲੀਆਈ ਅੰਕੜਾ ਵਿਭਾਗ ਵੱਲੋਂ ਕੌਮੀ ਪੱਧਰ 'ਤੇ ਕਰਵਾਈ ਜਾ ਰਹੀ ਇਸ ਜਨਗਣਨਾ ਦੇ ਹਦਾਇਤ ਪੱਤਰ ਅਤੇ ਆਨਲਾਈਨ 'ਐਕਸੈਸ ਕੋਡ' ਜੁਲਾਈ ਦੇ ਅਖੀਰ ਤੋਂ ਘਰਾਂ ਵਿੱਚ ਪਹੁੰਚਣੇ ਸ਼ੁਰੂ ਹੋ ਜਾਣਗੇ, ਜਿਸ ਤੋਂ ਬਾਅਦ ਜ਼ਿਆਦਾਤਰ ਨਾਗਰਿਕ ਆਨਲਾਈਨ ਫਾਰਮ ਭਰਨਗੇ। ਇਹ ਫਾਰਮ ਆਸਟ੍ਰੇਲੀਆ ਵਿੱਚ ਰਹਿ ਰਹੇ ਹਰ ਵਸਨੀਕ ਲਈ ਭਰਨਾ ਲਾਜ਼ਮੀ ਹੈ, ਭਾਵੇਂ ਉਹ ਉੱਥੋਂ ਦਾ ਪੱਕਾ ਨਾਗਰਿਕ ਹੋਵੇ, ਪੱਕਾ ਵਸਨੀਕ ਹੋਵੇ ਜਾਂ ਫਿਰ ਕਿਸੇ ਵੀ ਅਸਥਾਈ ਵੀਜ਼ੇ 'ਤੇ ਆਸਟ੍ਰੇਲੀਆ ਵਿੱਚ ਰਹਿ ਰਿਹਾ ਹੋਵੇ। ਜੇਕਰ ਆਨਲਾਈਨ ਫਾਰਮ ਭਰਨ ਵਿੱਚ ਕੋਈ ਸਮੱਸਿਆ ਆਉਂਦੀ ਹੈ, ਤਾਂ ਪੱਤਰ ਵਿਹਾਰ ਰਾਹੀਂ ਵੀ ਆਪਣੀ ਹਾਜ਼ਰੀ ਦਰਜ ਕਰਵਾਈ ਜਾ ਸਕਦੀ ਹੈ।

ਇਸ ਵਾਰ 2026 ਦੀ ਮਰਦਮਸ਼ੁਮਾਰੀ ਵਿੱਚ ਤਿੰਨ ਵੱਡੇ ਅਹਿਮ ਬਦਲਾਅ ਕੀਤੇ ਜਾ ਰਹੇ ਹਨ। ਪਹਿਲਾ ਬਦਲਾਅ ਲਿੰਗ ਅਤੇ ਪਛਾਣ ਨਾਲ ਜੁੜੀ ਸ਼ਬਦਾਵਲੀ ਵਿੱਚ ਕੀਤਾ ਗਿਆ ਹੈ, ਜਿੱਥੇ ਲਿੰਗ ਦਰਜ ਕਰਨ ਲਈ 'ਜਨਮ ਸਮੇਂ ਦਰਜ ਲਿੰਗ' ਲਿਖਿਆ ਜਾਵੇਗਾ ਅਤੇ ਪਹਿਲੀ ਵਾਰ 'ਯੌਨ ਰੁਚੀ' ਅਤੇ 'ਲਿੰਗਕ ਪਛਾਣ' ਬਾਰੇ ਵੀ ਇੱਛੁਕ ਸਵਾਲ ਸ਼ਾਮਲ ਕੀਤੇ ਗਏ ਹਨ। ਦੂਜੇ ਬਦਲਾਅ ਦੇ ਤਹਿਤ ਆਸਟ੍ਰੇਲੀਆ ਦੀ ਵਧ ਰਹੀ ਬਹੁ-ਸੱਭਿਆਚਾਰਕਤਾ ਨੂੰ ਦਰਸਾਉਣ ਲਈ ਹੁਣ ਨਾਗਰਿਕ ਆਪਣੀ ਪੀੜ੍ਹੀ ਜਾਂ ਪਿਛੋਕੜ ਵਿੱਚ ਸਿਰਫ਼ ਦੋ ਦੀ ਬਜਾਏ ਚਾਰ ਵੱਖ-ਵੱਖ ਪਿਛੋਕੜ ਦਰਜ ਕਰ ਸਕਣਗੇ, ਤਾਂ ਜੋ ਲੋਕ ਆਪਣੀ ਪੂਰੀ ਪਰਿਵਾਰਕ ਜਾਣਕਾਰੀ ਦਰਜ ਕਰ ਸਕਣ। ਤੀਜਾ ਬਦਲਾਅ ਜਨਮ ਦਰ ਦੇ ਅੰਕੜਿਆਂ ਨਾਲ ਜੁੜਿਆ ਹੈ, ਜਿੱਥੇ "ਕੁੱਲ ਪੈਦਾ ਹੋਏ ਬੱਚਿਆਂ ਦੀ ਗਿਣਤੀ" ਵਾਲਾ ਸਵਾਲ ਹੁਣ ਹਰ 5 ਸਾਲ ਦੀ ਬਜਾਏ 10 ਸਾਲਾਂ ਵਿੱਚ ਇੱਕ ਵਾਰ ਪੁੱਛਣ ਦਾ ਫੈਸਲਾ ਕੀਤਾ ਗਿਆ ਹੈ।

ਇਹ ਮਰਦਮਸ਼ੁਮਾਰੀ ਆਸਟ੍ਰੇਲੀਆ ਵਿੱਚ ਵੱਸਦੇ ਪੰਜਾਬੀ ਅਤੇ ਸਿੱਖ ਭਾਈਚਾਰੇ ਲਈ ਵੀ ਖ਼ਾਸ ਮਹੱਤਵ ਰੱਖਦੀ ਹੈ। ਪਿਛਲੇ ਅੰਕੜਿਆਂ ਅਨੁਸਾਰ ਆਸਟ੍ਰੇਲੀਆ ਵਿੱਚ ਪੰਜਾਬੀ ਭਾਸ਼ਾ ਬੋਲਣ ਵਾਲਿਆਂ ਦੀ ਗਿਣਤੀ 80 ਪ੍ਰਤੀਸ਼ਤ ਵਾਧੇ ਨਾਲ ਲਗਭਗ 2,39,033 ਹੋ ਚੁੱਕੀ ਹੈ (ਜਿਨ੍ਹਾਂ ਵਿੱਚੋਂ 2,09,000 ਲੋਕ ਸਿੱਖ ਭਾਈਚਾਰੇ ਨਾਲ ਸਬੰਧਤ ਹਨ)। ਪੰਜਾਬੀ ਹੁਣ ਅੰਗਰੇਜ਼ੀ ਤੋਂ ਇਲਾਵਾ ਸਭ ਤੋਂ ਵੱਧ ਬੋਲੀਆਂ ਜਾਣ ਵਾਲੀਆਂ ਪਹਿਲੀਆਂ 5 ਭਾਸ਼ਾਵਾਂ ਵਿੱਚ ਸ਼ਾਮਲ ਹੋ ਚੁੱਕੀ ਹੈ। ਇਸੇ ਲਈ ਆਸਟ੍ਰੇਲੀਆ ਦੇ ਗੁਰੂਦੁਆਰਿਆਂ ਅਤੇ ਸਿੱਖ ਸੰਸਥਾਵਾਂ ਵੱਲੋਂ ਭਾਈਚਾਰੇ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ, ਤਾਂ ਜੋ ਲੋਕ ਫਾਰਮ ਵਿੱਚ ਦਿੱਤੇ 'ਹੋਰ' ਦੇ ਖਾਨੇ ਵਿੱਚ "ਸਿੱਖ ਧਰਮ" ਅਤੇ "ਪੰਜਾਬੀ ਭਾਸ਼ਾ/ਪਿਛੋਕੜ" ਸਪਸ਼ਟ ਤੌਰ 'ਤੇ ਦਰਜ ਕਰਨ।

ਮਰਦਮਸ਼ੁਮਾਰੀ ਦੁਆਰਾ ਇਕੱਠੀ ਕੀਤੀ ਗਈ ਜਾਣਕਾਰੀ ਦੇ ਆਧਾਰ 'ਤੇ ਹੀ ਸਰਕਾਰਾਂ ਵੱਖ-ਵੱਖ ਭਾਈਚਾਰਿਆਂ ਦੀ ਗਿਣਤੀ ਅਨੁਸਾਰ ਸਰਕਾਰੀ ਗ੍ਰਾਂਟਾਂ, ਸਕੂਲ, ਹਸਪਤਾਲ, ਘਰ, ਉਦਯੋਗ ਅਤੇ ਹੋਰ ਬੁਨਿਆਦੀ ਸਹੂਲਤਾਂ ਦੀ ਯੋਜਨਾਬੰਦੀ ਕਰਦੀਆਂ ਹਨ। ਇਸ ਲਈ 2026 ਦੀ ਮਰਦਮਸ਼ੁਮਾਰੀ ਵਿੱਚ 'ਪਿਛੋਕੜ' ਦੇ 4 ਬਦਲ ਮਿਲਣ ਨਾਲ ਪੰਜਾਬੀ ਭਾਈਚਾਰੇ ਨੂੰ ਆਪਣੀ ਸੱਭਿਆਚਾਰਕ, ਧਾਰਮਿਕ ਅਤੇ ਪਰਿਵਾਰਕ ਪਛਾਣ ਨੂੰ ਹੋਰ ਵੀ ਮਜ਼ਬੂਤੀ ਨਾਲ ਦਰਜ ਕਰਵਾਉਣ ਅਤੇ ਭਵਿੱਖੀ ਸਰਕਾਰੀ ਨੀਤੀਆਂ ਵਿੱਚ ਆਪਣਾ ਯੋਗ ਹੱਕ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਮਿਲੇਗਾ।

## ਬੇਅਦਬੀ ਖਿਲਾਫ ਕਾਨੂੰਨ ਵਿੱਚ ਸੋਧ ਦਾ ਮਾਮਲਾ; ਜਥੇਦਾਰ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਰਕਾਰ ਨੂੰ ਯਾਦ ਕਰਵਾਈ ਡੈੱਡਲਾਈਨ



**ਸ੍ਰੀ ਅੰਮ੍ਰਿਤਸਰ, 25 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਤੱਕ ਆਰੰਭ ਹੋਏ ਮੀਰੀ-ਪੀਰੀ ਖਾਲਸਾ ਮਾਰਚ ਦੌਰਾਨ ਉਸ ਸਮੇਂ ਇੱਕ ਅਹਿਮ ਪਲ ਵੇਖਣ ਨੂੰ ਮਿਲਿਆ ਜਦੋਂ ਮਾਰਚ ਚੀਫ ਖਾਲਸਾ ਦੀਵਾਨ ਦੇ ਮੁੱਖ ਦਰਵਾਜ਼ੇ ਅੱਗੇ ਪਹੁੰਚਿਆ। ਇਸ ਮੌਕੇ ਚੀਫ ਖਾਲਸਾ ਦੀਵਾਨ ਦੇ ਪ੍ਰਧਾਨ ਅਤੇ ਅੰਮ੍ਰਿਤਸਰ ਦੱਖਣ ਤੋਂ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਮਾਰਚ ਦੇ ਸਵਾਗਤ ਲਈ ਮੌਜੂਦ ਸਨ। ਮਾਰਚ ਦੀ ਅਗਵਾਈ ਕਰ ਰਹੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਮਾਈਕ ਰਾਹੀਂ ਜਨਤਕ ਤੌਰ 'ਤੇ ਡਾ. ਨਿੱਜਰ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਿੱਜਰ ਸਾਹਿਬ, 29 ਤਰੀਕ ਨੇੜੇ ਆ ਗਈ ਹੈ, ਅਜੇ ਤੱਕ ਕੁਝ ਵੀ ਨਹੀਂ ਕੀਤਾ, ਉਨ੍ਹਾਂ ਤੱਕ ਸੁਣੇਹਾ ਪਹੁੰਚਾ ਦਿਓ। ਜਥੇਦਾਰ ਦੇ ਇਸ ਬਿਆਨ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ ਅਤੇ ਇਸ ਨੂੰ ਲੈ ਕੇ ਵੱਖ-ਵੱਖ ਪੱਧਰਾਂ 'ਤੇ ਚਰਚਾ ਛਿੜ ਗਈ ਹੈ। ਦੱਸਣਯੋਗ ਹੈ ਕਿ 29 ਜੂਨ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਬੇਅਦਬੀ ਨਾਲ ਸਬੰਧਤ ਕਾਨੂੰਨ ਵਿੱਚ ਸੋਧ ਦੇ ਮੁੱਦੇ 'ਤੇ ਪੰਜਾਬ ਵਿਧਾਨ ਸਭਾ ਦੇ ਸਪੀਕਰ, ਕੈਬਨਿਟ ਮੰਤਰੀਆਂ ਅਤੇ ਕੁਝ ਵਿਧਾਇਕਾਂ ਨੂੰ ਤਲਬ ਕੀਤਾ ਗਿਆ ਸੀ। ਉਸ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬੇਅਦਬੀ ਕਾਨੂੰਨ ਵਿੱਚ ਲੋੜੀਂਦੀ ਸੋਧ ਕਰਨ ਲਈ ਇੱਕ ਮਹੀਨੇ ਦਾ ਸਮਾਂ ਦਿੱਤਾ ਗਿਆ ਸੀ, ਜਿਸ ਦੀ ਮਿਆਦ 29 ਜੁਲਾਈ ਨੂੰ ਪੂਰੀ ਹੋ ਰਹੀ ਹੈ। ਉਸ ਮੀਟਿੰਗ ਦੌਰਾਨ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਬੇਅਦਬੀ ਕਾਨੂੰਨ ਸਬੰਧੀ ਬਣਾਈ ਗਈ ਵਿਧਾਨ ਸਭਾ ਕਮੇਟੀ ਦੇ ਚੇਅਰਮੈਨ ਵਜੋਂ ਪੇਸ਼ ਹੋਏ ਸਨ। ਇਸੇ ਪ੍ਰਸੰਗ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਮਾਰਚ ਦੌਰਾਨ ਉਨ੍ਹਾਂ ਨੂੰ ਮਿਆਦ ਦੀ ਯਾਦ ਦਿਵਾਉਂਦੇ ਹੋਏ ਇਹ ਟਿੱਪਣੀ ਕੀਤੀ, ਜਿਸ ਨੂੰ ਕਈ ਲੋਕ ਬੇਅਦਬੀ ਕਾਨੂੰਨ ਵਿੱਚ ਸੋਧ ਸਬੰਧੀ ਦਿੱਤੇ ਭਰੋਸੇ ਦੀ ਯਾਦ ਦਿਵਾਉਣ ਵਜੋਂ ਦੇਖ ਰਹੇ ਹਨ।



ਦੇਗ ਤੇਗ ਫ਼ਤਹਿ
ਪੰਥ ਕੀ ਜੀਤ
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਪਾਰਕ ਐਵਨਿਊ ਵਿਖੇ
ਮਹਾਨ ਸ਼ਹੀਦੀ ਸਮਾਗਮ
24 ਤੋਂ 26 ਜੁਲਾਈ 2026
ਅਰੰਭ
ਸ੍ਰੀ ਅਖੰਡਪਾਠ ਸਾਹਿਬ
24 ਜੁਲਾਈ 2026
ਭੋਗ
ਸ੍ਰੀ ਅਖੰਡਪਾਠ ਸਾਹਿਬ
26 ਜੁਲਾਈ 2026
ਸ਼ਹੀਦ ਸਿੰਘਾਂ ਦੀ ਯਾਦ ਵਿੱਚ
ਸ਼ਹੀਦ ਜਨਰਲ ਲਾਭ ਸਿੰਘ — ਮੁਖੀ ਖਾਲਿਸਤਾਨ ਕਮਾਂਡੋ ਫੋਰਸ
ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਜਨਰਲ ਗੁਰਜੰਟ ਸਿੰਘ ਬੁੱਧਸਿੰਘ ਵਾਲਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਭਾਈ ਮਹਿੰਦਰ ਸਿੰਘ ਟੋਰਾਂਟੋ (ਕਨੇਡਾ)
ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ — ਜਥੇਦਾਰ ਬੱਬਰ ਖਾਲਸਾ
ਸ਼ਹੀਦ ਭਾਈ ਰਸ਼ਪਾਲ ਸਿੰਘ ਛੰਦੜਾ — ਜਨਰਲ ਭਿੰਡਰਾਂ ਵਾਲਾ ਟਾਈਗਰ ਫੋਰਸ
ਸ਼ਹੀਦੀ ਸਮਾਗਮ
ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 11 ਵਜੇ ਤੋਂ 1 ਵਜੇ ਤੱਕ ਦੀਵਾਨ ਸਜਾਏ ਜਾਣਗੇ।
ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਬਾਰੇ ਆਪਣੇ ਵਿਚਾਰ ਦੇਣਗੇ।
ਸਮੂਹ ਪੰਥਕ ਆਗੂਆਂ ਨੂੰ ਸੱਦਾ ਦਿੱਤਾ ਜਾਂਦਾ ਹੈ।
ਸੰਗਤਾਂ ਨੂੰ ਵਧ-ਚੜ੍ਹ ਕੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।
ਸਿੱਖ ਫੈਡਰੇਸ਼ਨ, ਯੂ. ਕੇ.
ਪਰਮਿੰਦਰ ਸਿੰਘ ਬੱਲ — ਪ੍ਰਧਾਨ
ਅਜੀਤਪਾਲ ਸਿੰਘ ਸਹੋਤਾ — ਜਨਰਲ ਸਕੱਤਰ
ਹਰਮੇਲ ਸਿੰਘ ਖਾਲਸਾ — ਆਰਗੇਨਾਈਜ਼ਰ
ਟੈਲੀਫ਼ੋਨ: 07771608 363 | ਈ-ਮੇਲ: PSBAL46@gmail.com








**ਆਵਾਜ਼ਿ ਕੌਮ**

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

☛ ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ

☛ ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ਸਿਮਰਿ ਸਿਮਰਿ ਸੁਖੁ ਪਾਵਹੁ ਸਗਲੇ ਦੂਖ ਮਿਟਾਇ ॥
ਬੀਬੀ
ਸੁਰਿੰਦਰ ਕੌਰ ਵੱਲੀਆਂ
ਦੀ
ਛੇਵੀਂ ਬਰਸੀ
ਨੂੰ ਸਮਰਪਿਤ
ਗੁਰਦੁਆਰਾ ਪ੍ਰਉਪਕਾਰੀ
ਭਾਈ ਲੱਧਾ ਜੀ
ਪਿੰਡ ਵੱਲੀਆਂ ਵਿਖੇ
ਗੁਰਮਤਿ ਸਮਾਗਮ
ਅਤੇ
ਖੀਰ ਪੂੜਿਆਂ ਵਾਲਾ
ਜੋੜ ਮੇਲਾ
ਆਵਾਜ਼ਿ ਕੌਮ
AWAZE QAUM
International Newspaper & WEB TV
29
ਜੁਲਾਈ
ਦਿਨ ਬੁੱਧਵਾਰ
2026
ਮੁੱਖ ਸੇਵਾਦਾਰ
ਬਾਬਾ ਸਤਨਾਮ ਸਿੰਘ ਜੀ ਵੱਲੀਆਂ
ਅਤੇ ਸਮੂਹ ਇਲਾਕਾ ਨਿਵਾਸੀ ਸੰਗਤਾਂ
9463427380 | 7527845340

### ਪਿੰਡ ਸੂਰੋ ਪੱਡਾ ਤੋਂ ਨਵੇਂ ਚੰਨਣਕੇ, ਵੱਡੇ ਚੰਨਣਕੇ

# ਭੋਏਵਾਲ ਦੀ ਸੜਕ ਦਾ ਬੁਰਾ ਹਾਲ





**ਚੌਕ ਮਹਿਤਾ, 25 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਭਾਵੇਂ ਸਰਕਾਰ ਨੇ ਪੰਜਾਬ ਵਿੱਚ ਸੜਕਾਂ ਦੇ ਜਾਲ ਵਿਛਾਏ ਹਨ ।ਪਰ ਪਿੰਡ ਸੂਰੋ ਪੱਡਾ ਤੋਂ ਨਵੇਂ ਚੰਨਣਕੇ ਵੱਡੇ ਚੰਨਣਕੇ ਤੋਂ ਭੋਏਵਾਲ ਦੀ ਸੜਕ ਵੱਲ ਕਿਸੇ ਸਰਕਾਰ ਦਾ ਧਿਆਨ ਨਹੀਂ। ਇਸ ਸੜਕ ਵਿੱਚ ਬਹੁਤ ਵੱਡੇ ਵੱਡੇ ਡੂੰਘੇ ਟੋਏ ਹਨ। ਇਸ ਸੜਕ ਤੇ ਕਾਫ਼ੀ ਪਿੰਡਾਂ ਦੀ ਆਵਾ ਜਾਈਂ ਹੈ।ਇਹ ਸੜਕ ਅੱਗੇ ਇਤਿਹਾਸਕ ਅਸਥਾਨ ਗੁਰਦੁਆਰਾ ਨਾਗੀਆਨਾ ਸਾਹਿਬ, ਮਾਤਾ ਮੰਦਰ, ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ, ਗੁਰਦੁਆਰਾ ਥੰਮ ਸਾਹਿਬ, ਨੂੰ ਵੀ ਮਿੱਲਦੀ ਹੈ,ਲੋਕਾਂ ਦੇ ਬਹੁਤ ਕੀਮਤੀ ਵਾਹਨਾਂ ਦੀ ਟੁੱਟ ਭੱਜ ਹੁੰਦੀ ਹੈ। ਬਾਰਸ਼ਾਂ ਦੇ ਦਿਨਾਂ ਵਿੱਚ ਸੜਕ ਦੇ ਟੁਇਆ ਵਿਚ ਕਾਫੀ ਗੰਦਾ ਪਾਣੀ ਰੁੱਕ ਜਾਂਦਾ ਹੈ। ਸਕੂਲ ਵਾਲੇ ਬੱਚਿਆਂ ਨੂੰ ਬਹੁਤ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਬੱਚੇ ਆਪਣੇ ਘਰਾਂ ਵਿੱਚੋ ਤਿਆਰ ਹੋ ਕੇ ਸਕੂਲ ਜਾਂਦੇ ਸਮੇਂ ਵਰਦੀ ਖ਼ਰਾਬ ਹੋ ਜਾਂਦੀਆਂ ਹਨ। ਭਾਵੇਂ ਕਿ ਸਰਕਾਰਾਂ ਕਹਿੰਦੀਆਂ ਹਨ ਕਿ ਅਸੀਂ ਪੰਜਾਬ ਵਿੱਚ ਸੜਕਾ ਬਹੁਤ ਨਵੀਆਂ ਬਣਾਈਆਂ ਹਨ ਪਰ ਇਸ ਸੜਕ ਵੱਲ ਕਿਸੇ ਸਰਕਾਰ ਜਾਂ ਲੀਡਰ ਧਿਆਨ ਨਹੀਂ ।ਪਿੰਡ ਨਵਾਂ ਚੰਨਣਕੇ, ਵੱਡੇ ਚੰਨਣਕੇ, ਭੋਏਵਾਲ,ਨਾਥ ਦੀ ਖੂੰਹੀ ਦੀਆਂ ਸਮੂਹ ਪੰਚਾਇਤਾਂ ਅਤੇ ਲੋਕਾਂ ਵੱਲੋਂ ਸੈਂਟਰ ਸਰਕਾਰ ਅਤੇ ਪੰਜਾਬ ਸਰਕਾਰ ਬੇਨਤੀ ਹੈ ਕਿ ਇਹ ਛੇਤੀ ਤੋਂ ਛੇਤੀ ਸੜਕ ਬਣਾਈਂ ਜਾਵੇ ਅਤੇ ਸੜਕ ਨੂੰ ਚੌੜਾ ਕੀਤਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

### ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ

# ਨਵੀਂ ਅਲਟਰਾਸਾਊਂਡ ਅਤੇ ਆਧੁਨਿਕ ਈਸੀਜੀ ਮਸ਼ੀਨ ਦੀ ਸ਼ੁਰੂਆਤ




ਤਲਵੰਡੀ ਸਾਬੋ, 25 ਜੁਲਾਈ (ਗੁਰਜੰਟ ਸਿੰਘ ਨਥੇਹਾ)- ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੀ ਅਗਵਾਈ ਅਤੇ ਸਿਵਲ ਹਸਪਤਾਲ ਤਲਵੰਡੀ ਸਾਬੋ ਦੇ ਐਸ.ਐਮ.ਓ. ਡਾ. ਰਵੀ ਕਾਂਤ ਦੇ ਯਤਨਾਂ ਸਦਕਾ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਲਈ ਨਵੀਂ ਅਲਟਰਾਸਾਊਂਡ ਮਸ਼ੀਨ ਨੇ ਅੱਜ ਤੋਂ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ। ਇਸ ਦੇ ਨਾਲ ਹੀ ਹਸਪਤਾਲ ਵਿੱਚ ਨਵੀਂ ਤਕਨੀਕ ਨਾਲ ਲੈਸ ਆਧੁਨਿਕ ਈਸੀਜੀ ਮਸ਼ੀਨ ਵੀ ਇੰਸਟਾਲ ਕਰ ਦਿੱਤੀ ਗਈ ਹੈ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਰਵੀ ਕਾਂਤ ਗੁਪਤਾ ਨੇ ਦੱਸਿਆ ਕਿ ਨਵੀਂ ਅਲਟਰਾਸਾਊਂਡ ਮਸ਼ੀਨ ਨਾਲ ਮਰੀਜ਼ਾਂ ਨੂੰ ਉੱਚ ਗੁਣਵੱਤਾ ਵਾਲੀ ਅਤੇ ਤੇਜ਼ ਜਾਂਚ ਦੀ ਸਹੂਲਤ ਮਿਲੇਗੀ, ਜਿਸ ਨਾਲ ਗਰਭਵਤੀ ਮਹਿਲਾਵਾਂ ਸਮੇਤ ਹੋਰ ਮਰੀਜ਼ਾਂ ਦੀ ਜਾਂਚ ਵਧੇਰੇ ਸ਼ੁੱਧਤਾ ਨਾਲ ਕੀਤੀ ਜਾ ਸਕੇਗੀ। ਇਸੇ ਤਰ੍ਹਾਂ ਨਵੀਂ ਡਿਜੀਟਲ ਈਸੀਜੀ ਮਸ਼ੀਨ ਰਾਹੀਂ ਦਿਲ ਦੇ ਮਰੀਜ਼ਾਂ ਦੀ ਜਾਂਚ ਹੋਰ ਤੇਜ਼, ਸਟੀਕ ਅਤੇ ਸੁਵਿਧਾਜਨਕ ਢੰਗ ਨਾਲ ਹੋ ਸਕੇਗੀ। ਡਾ. ਰਵੀ ਕਾਂਤ ਨੇ ਕਿਹਾ ਕਿ ਸਰਕਾਰੀ ਹਸਪਤਾਲਾਂ ਵਿੱਚ ਲੋਕਾਂ ਨੂੰ ਆਧੁਨਿਕ ਅਤੇ ਗੁਣਵੱਤਾ ਭਰੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਪੰਜਾਬ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ। ਨਵੀਆਂ ਮਸ਼ੀਨਾਂ ਦੇ ਸ਼ੁਰੂ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਬਿਹਤਰ ਇਲਾਜ ਦੀ ਸਹੂਲਤ ਮਿਲੇਗੀ ਅਤੇ ਉਨ੍ਹਾਂ ਨੂੰ ਜਾਂਚਾਂ ਲਈ ਨਿੱਜੀ ਹਸਪਤਾਲਾਂ ਦਾ ਰੁਖ ਘੱਟ ਕਰਨਾ ਪਵੇਗਾ। ਇਲਾਕੇ ਦੇ ਲੋਕਾਂ ਨੇ ਸਿਵਲ ਸਰਜਨ ਡਾ. ਤਪਿੰਦਰਜੋਤ ਕੌਸ਼ਲ ਅਤੇ ਐਸ.ਐਮ.ਓ. ਡਾ. ਰਵੀ ਕਾਂਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਹੂਲਤਾਂ ਸਿਵਲ ਹਸਪਤਾਲ ਤਲਵੰਡੀ ਸਾਬੋ ਦੀਆਂ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਸੇਂਟ ਸੋਲਜਰ ਸਕੂਲ ਵਿੱਚ ਕਾਰਗਿਲ ਵਿਜੇ ਦਿਵਸ ਮਨਾਇਆ ਗਿਆ



**ਜੰਡਿਆਲਾ ਗੁਰੂ 25 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਦੇਸ਼ ਦੇ ਬਹਾਦਰ ਸੂਰਬੀਰ ਸੈਨਿਕਾਂ ਦੀ ਸਹਾਦਤ ਨੂੰ ਯਾਦ ਕਰਦਿਆਂ ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਵਿਖੇ ਕਾਰਗਿਲ ਵਿਜੇ ਦਿਵਸ ਮਨਾਇਆ ਗਿਆ। ਇਸ ਸੰਬੰਧ ਵਿੱਚ ਸਕੂਲ ਦੇ ਬੱਚਿਆਂ ਵੱਲੋਂ ਦੇਸ਼ ਭਗਤੀ ਨਾਲ ਸੰਬੰਧਿਤ ਗੀਤ :.ਦਿਲ ਦੀਆ ਹੈ ਜਾਨ ਭੀ ਦੇਗੇ ਐ ਵਤਨ ਤੇਰੇ ਲੀਏ:. ਗਾ ਕੇ ਦੇਸ਼ ਦੇ ਬਹਾਦਰ ਸੂਰਬੀਰ ਸੈਨਿਕਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ। ਇਸ ਵਿਸ਼ੇਸ਼ ਸਮਾਗਮ ਵਿੱਚ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਜੀ ਨੇ ਅਦਾ ਕੀਤੀ। ਉਨਾਂ ਨੇ ਬੱਚਿਆਂ ਨੂੰ ਕਾਰਗਿਲ ਵਿਜੇ ਦਿਵਸ ਦੇ ਇਤਿਹਾਸ ਬਾਰੇ ਦੱਸਿਆ ਕਿ ਕਿਸ ਤਰ੍ਹਾਂ ਸਾਡੇ ਦੇਸ਼ ਦੇ ਬਹਾਦਰ ਸੈਨਿਕਾਂ ਨੇ ਆਪਣੀ ਜਾਨ ਦੀ ਪਰਵਾਹ ਕੀਤੇ ਬਿਨਾਂ ਦੇਸ਼ ਦੀ ਰਾਖੀ ਕੀਤੀ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕਿਹਾ ਕਿ ਸਾਨੂੰ ਦੇਸ਼ ਦੇ ਬਹਾਦਰ ਯੋਧਿਆਂ ਦੀਆਂ ਕੁਰਬਾਨੀਆਂ ਦੀ ਦਾਸਤਾਨ ਬੱਚਿਆਂ ਨੂੰ ਦੱਸਣੀ ਬਹੁਤ ਜਰੂਰੀ ਹੈ ਤਾਂ ਕਿ ਸਾਡੀ ਆਉਣ ਵਾਲੀ ਪੀੜੀ ਦੇਸ਼ ਦੇ ਬਹਾਦਰ ਸੈਨਿਕਾਂ ਦੇ ਗੌਰਵਮਈ ਇਤਿਹਾਸ ਤੋ ਜਾਣੂ ਹੋ ਸਕਣ ਅਤੇ ਉਹਨਾਂ ਵਿੱਚ ਵੀ ਦੇਸ਼ ਭਗਤੀ ਦੀ ਭਾਵਨਾ ਪੈਦਾ ਹੋਵੇ। ਇਸ ਮੌਕੇ ਤੇ ਸਕੂਲ ਦੀ ਸ਼ਾਨਦਾਰ ਬੈਂਡ ਟੀਮ ਨੇ ਰਾਸ਼ਟਰੀ ਗੀਤ ਦੀ ਧੁੰਨ ਵਜਾ ਕੇ ਸਭ ਨੂੰ ਦੇਸ਼ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ। ਸਕੂਲ ਦੇ ਐਨ ਸੀ ਸੀ ਦੇ ਵਿਦਿਆਰਥੀਆਂ ਨੇ ਵੀ ਸ਼ਾਨਦਾਰ ਪਰੇਡ ਕੀਤੀ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ ਵਾਈਸ ਪ੍ਰਿੰਸੀਪਲ ਸ੍ਰੀਮਤੀ ਸ਼ਿਲਪਾ ਸ਼ਰਮਾ ਕੁਆਰਡੀਨੇਟਰ ਨੀਲਾਕਸ਼ੀ ਗੁਪਤਾ ਸਮੂਹ ਸਟਾਫ ਤੇ ਬੱਚੇ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿਧਾਇਕ ਨਰਿੰਦਰ ਕੌਰ ਭਰਾਜ ਨੇ ਬਨਾਸਰ ਬਾਗ ਵਿਖੇ 138.75 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਦਿਵਿਆਂਗ-ਅਨੁਕੂਲ ਪਾਰਕ ਦਾ ਨੀਂਹ ਪੱਥਰ ਰੱਖਿਆ




**ਸੰਗਰੂਰ (ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ਹਿਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਹਰ ਵਰਗ ਲਈ ਬਿਹਤਰ ਜਨਤਕ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਵਿਕਾਸ ਕਾਰਜ ਲਗਾਤਾਰ ਜਾਰੀ ਹਨ। ਇਸੇ ਲੜੀ ਤਹਿਤ ਅੱਜ ਹਲਕਾ ਸੰਗਰੂਰ ਦੀ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਵੱਲੋਂ ਬਨਾਸਰ ਬਾਗ ਵਿਖੇ 138.75 ਲੱਖ ਰੁਪਏ ਦੀ ਲਾਗਤ ਨਾਲ ਉਸਾਰੇ ਜਾਣ ਵਾਲੇ ਦਿਵਿਆਂਗ-ਅਨੁਕੂਲ ਪਾਰਕ ਦੀ ਉਸਾਰੀ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਨਗਰ ਕੌਂਸਲ ਸੰਗਰੂਰ ਦੇ ਪ੍ਰਧਾਨ ਸ. ਭੁਪਿੰਦਰ ਸਿੰਘ ਨਹਿਲ ਵੀ ਹਾਜ਼ਰ ਸਨ। ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੇ ਲੋਕਾਂ ਲਈ ਸਮਾਨ ਮੌਕੇ ਅਤੇ ਬਿਹਤਰ ਬੁਨਿਆਦੀ ਸਹੂਲਤਾਂ ਯਕੀਨੀ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਦਿਵਿਆਂਗਜਨਾਂ ਨੂੰ ਵੀ ਜਨਤਕ ਥਾਵਾਂ ’ਤੇ ਬਿਨਾਂ ਕਿਸੇ ਰੁਕਾਵਟ ਦੇ ਪਹੁੰਚ ਅਤੇ ਮਨੋਰੰਜਨ ਦੀਆਂ ਸਹੂਲਤਾਂ ਮਿਲਣੀਆਂ ਚਾਹੀਦੀਆਂ ਹਨ। ਇਸੇ ਉਦੇਸ਼ ਨਾਲ ਸੰਗਰੂਰ ਵਿਖੇ ਇਹ ਵਿਸ਼ੇਸ਼ ਦਿਵਿਆਂਗ-ਅਨੁਕੂਲ ਪਾਰਕ ਵਿਕਸਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਪਾਰਕ ਵਿੱਚ ਦਿਵਿਆਂਗਜਨਾਂ ਲਈ ਵਿਸ਼ੇਸ਼ ਰੈਂਪ, ਵੀਲ੍ਹਚੇਅਰ ਅਨੁਕੂਲ ਟਰੈਕ, ਟੈਕਟਾਈਲ ਪਾਥਵੇਅ, ਦਿਵਿਆਂਗ-ਅਨੁਕੂਲ ਝੂਲੇ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਉਪਲਬਧ ਕਰਵਾਈਆਂ ਜਾਣਗੀਆਂ ।ਇਸ ਤੋਂ ਇਲਾਵਾ ਪਾਰਕ ਵਿੱਚ ਹਰਿਆਵਲ ਨੂੰ ਪ੍ਰੋਤਸਾਹਨ ਦੇਣ ਲਈ ਲੈਂਡਸਕੇਪਿੰਗ, ਸੁੰਦਰ ਲਾਨ, ਬੈਠਣ ਲਈ ਆਧੁਨਿਕ ਬੈਂਚਾਂ ਅਤੇ ਲੋੜੀਂਦੀ ਲਾਈਟਿੰਗ ਦਾ ਪ੍ਰਬੰਧ ਵੀ ਕੀਤਾ ਜਾਵੇਗਾ। ਵਿਧਾਇਕ ਨੇ ਕਿਹਾ ਕਿ ਇਹ ਪਾਰਕ ਦਿਵਿਆਂਗਜਨਾਂ ਦੇ ਨਾਲ-ਨਾਲ ਬਜ਼ੁਰਗਾਂ, ਬੱਚਿਆਂ ਅਤੇ ਹੋਰ ਸ਼ਹਿਰ ਵਾਸੀਆਂ ਲਈ ਵੀ ਸਿਹਤਮੰਦ ਅਤੇ ਮਨੋਰੰਜਕ ਮਾਹੌਲ ਪ੍ਰਦਾਨ ਕਰੇਗਾ। ਉਨ੍ਹਾਂ ਕਿਹਾ ਕਿ ਸੰਗਰੂਰ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਵਿਕਾਸ ਪ੍ਰੋਜੈਕਟਾਂ ਨੂੰ ਮਨਜ਼ੂਰੀ ਦਿੱਤੀ ਜਾ ਰਹੀ ਹੈ, ਜਿਨ੍ਹਾਂ ਨਾਲ ਸ਼ਹਿਰ ਦੀ ਨੁਹਾਰ ਵਿੱਚ ਹੋਰ ਸੁਧਾਰ ਆ ਰਿਹਾ ਹੈ। ਨਗਰ ਕੌਂਸਲ ਸੰਗਰੂਰ ਦੇ ਪ੍ਰਧਾਨ ਸ. ਭੁਪਿੰਦਰ ਸਿੰਘ ਨਹਿਲ ਨੇ ਕਿਹਾ ਕਿ ਪਾਰਕ ਦਾ ਨਿਰਮਾਣ ਉੱਚ ਗੁਣਵੱਤਾ ਦੇ ਮਾਪਦੰਡਾਂ ਅਨੁਸਾਰ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕੀਤਾ ਜਾਵੇਗਾ ਤਾਂ ਜੋ ਲੋਕਾਂ ਨੂੰ ਜਲਦੀ ਤੋਂ ਜਲਦੀ ਇਸ ਦਾ ਲਾਭ ਮਿਲ ਸਕੇ। ਇਸ ਮੌਕੇ ਨਗਰ ਕੌਂਸਲ ਦੇ ਅਧਿਕਾਰੀ, ਕੌਂਸਲਰ, ਆਮ ਆਦਮੀ ਪਾਰਟੀ ਦੇ ਆਗੂ, ਵਰਕਰ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮੀਰੀ ਪੀਰੀ ਦਿਵਸ

## 25 ਅਤੇ 26 ਜੁਲਾਈ ਨੂੰ

# ਮਹਾਨ ਗੁਰਮਤਿ ਸਮਾਗਮ

ਮੀਰੀ ਪੀਰੀ ਦਿਵਸ : ਧੰਨ ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ

**ਸ਼ਨਿੱਚਰਵਾਰ 25 ਜੁਲਾਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 26 ਜੁਲਾਈ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:30 ਵਜੇ ਭੋਗ ਪੈਣ ਉਪਰੰਤ 12:30ਵਜੇ ਤੱਕ ਦੀਵਾਨ ਸਜਣਗੇ।

ਕਵੀਸ਼ਰੀ ਜਥਾ ਗਿਆਨੀ ਗੁਰਮੁੱਖ ਸਿੰਘ ਜੋਹਲ ਵਾਲੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਅਕਾਲ ਯੂਨੀਵਰਸਿਟੀ ਵਿਖੇ

# 'ਠੋਸ ਰਹਿੰਦ-ਖੂੰਹਦ ਪ੍ਰਬੰਧਨ ਨਿਯਮ 2026' 'ਤੇ ਲੇਖ ਰਚਨਾ ਮੁਕਾਬਲਾ ਕਰਵਾਇਆ



ਤਲਵੰਡੀ ਸਾਬੋ, 25 ਜੁਲਾਈ (ਗੁਰਜੰਟ ਸਿੰਘ ਨਥੇਹਾ)– ਮਾਣਯੋਗ ਸੁਪਰੀਮ ਕੋਰਟ ਦੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਡੀਨ ਵਿਦਿਆਰਥੀ ਭਲਾਈ ਦਫ਼ਤਰ ਵੱਲੋਂ ਵਾਤਾਵਰਣ ਜਾਗਰੂਕਤਾ ਅਭਿਆਨ ਤਹਿਤ ਇੱਕ ਵਿਸ਼ੇਸ਼ ਲੇਖ ਰਚਨਾ ਮੁਕਾਬਲਾ ਕਰਵਾਇਆ ਗਿਆ।'ਠੋਸ ਰਹਿੰਦ-ਖੂੰਹਦ ਪ੍ਰਬੰਧਨ ਨਿਯਮ 2026' ਉੱਤੇ ਅਧਾਰਿਤ ਇਸ ਮੁਕਾਬਲੇ ਦਾ ਮੁੱਖ ਮਕਸਦ ਵਿਦਿਆਰਥੀਆਂ ਵਿੱਚ ਵਾਤਾਵਰਣ ਸੰਭਾਲ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਅਤੇ ਕੂੜਾ ਪ੍ਰਬੰਧਨ ਦੇ ਨਿਯਮਾਂ ਬਾਰੇ ਜਾਗਰੂਕਤਾ ਵਧਾਉਣਾ ਸੀ। ਇਹ ਆਯੋਜਨ ਅੰਗਰੇਜ਼ੀ, ਕੈਮਿਸਟਰੀ, ਫਿਜ਼ੀਓਥੈਰੇਪੀ ਅਤੇ ਲਾਈਫ ਸਾਇੰਸਜ਼ ਵਿਭਾਗਾਂ ਦੇ ਸਹਿਯੋਗ ਨਾਲ ਨੇਪਰੇ ਚੜ੍ਹਿਆ, ਜਿਸ ਵਿੱਚ ਵੱਖ-ਵੱਖ ਵਿਭਾਗਾਂ ਦੇ 70 ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।ਵਿਦਿਆਰਥੀਆਂ ਦੀਆਂ ਰਚਨਾਵਾਂ ਦਾ ਮੁਲਾਂਕਣ ਵਿਸ਼ੇ ਦੀ ਡੂੰਘੀ ਸਮਝ, ਸਪੱਸ਼ਟਤਾ ਅਤੇ ਵਾਤਾਵਰਣ ਸੁਧਾਰ ਲਈ ਦਿੱਤੇ ਸੁਝਾਵਾਂ ਦੇ ਆਧਾਰ 'ਤੇ ਕੀਤਾ ਗਿਆ। ਇਸ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਲਾਈਫ ਸਾਇੰਸਜ਼ ਵਿਭਾਗ (ਬੀ.ਐੱਸ.ਸੀ. ਆਨਰਜ਼ ਜ਼ੂਓਲੋਜੀ, ਸਮੈਸਟਰ-1) ਦੀ ਗੁਰਸ਼ਿਪੰਦਰ ਕੌਰ, ਅੰਗਰੇਜ਼ੀ ਵਿਭਾਗ (ਬੀ.ਏ. ਆਨਰਜ਼ ਅੰਗਰੇਜ਼ੀ, ਸਮੈਸਟਰ-1) ਦੀ ਤ੍ਰਿਪਤੀ, ਫਿਜ਼ੀਓਥੈਰੇਪੀ ਵਿਭਾਗ (ਬੈਚਲਰ ਆਫ਼ ਫਿਜ਼ੀਓਥੈਰੇਪੀ, ਸਮੈਸਟਰ-1) ਦੀ ਜਸ਼ਨੂਰਜੀਤ, ਅਤੇ ਕੈਮਿਸਟਰੀ ਵਿਭਾਗ (ਬੀ.ਐੱਸ.ਸੀ. ਆਨਰਜ਼ ਕੈਮਿਸਟਰੀ, ਸਮੈਸਟਰ-1) ਦੀ ਜਸਪ੍ਰੀਤ ਕੌਰ ਨੇ ਆਪੋ-ਆਪਣੇ ਵਿਭਾਗਾਂ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਇਸ ਮੌਕੇ ਡੀਨ ਵਿਦਿਆਰਥੀ ਭਲਾਈ ਅਤੇ ਸਬੰਧਤ ਵਿਭਾਗਾਂ ਦੇ ਮੁਖੀਆਂ ਨੇ ਸਾਰੇ ਜੇਤੂਆਂ ਅਤੇ ਭਾਗ ਲੈਣ ਵਾਲੇ 70 ਵਿਦਿਆਰਥੀਆਂ ਦੇ ਯਤਨਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ। ਡੀਨ ਵਿਦਿਆਰਥੀ ਭਲਾਈ ਦਫ਼ਤਰ ਵੱਲੋਂ ਦੱਸਿਆ ਗਿਆ ਕਿ ਅੱਜ ਦੇ ਨੌਜਵਾਨਾਂ ਲਈ ਵਾਤਾਵਰਣ ਦੀ ਸੰਭਾਲ ਅਤੇ ਕੂੜਾ ਪ੍ਰਬੰਧਨ ਵਰਗੇ ਅਹਿਮ ਮੁੱਦਿਆਂ 'ਤੇ ਮੋਹਰੀ ਭੂਮਿਕਾ ਨਿਭਾਉਣਾ ਬਹੁਤ ਜ਼ਰੂਰੀ ਹੈ। ਯੂਨੀਵਰਸਿਟੀ ਪ੍ਰਸ਼ਾਸਨ ਨੂੰ ਆਪਣੇ ਵਿਦਿਆਰਥੀਆਂ ਦੀ ਸੂਝ-ਬੂਝ ਅਤੇ ਉਤਸ਼ਾਹ 'ਤੇ ਮਾਣ ਹੈ। ਉਨ੍ਹਾਂ ਦੱਸਿਆ ਕਿ ਅਕਾਲ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਨੂੰ ਸਮਾਜਿਕ ਅਤੇ ਵਾਤਾਵਰਣਕ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਕਰਨ ਲਈ ਅਜਿਹੇ ਉਪਰਾਲੇ ਭਵਿੱਖ ਵਿੱਚ ਵੀ ਨਿਰੰਤਰ ਜਾਰੀ ਰਹਿਣਗੇ।



ਆਵਾਜ਼ਿ ਕੌਮ AWAZE QAUM International Newspaper & WEB TV

### ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਵੱਲੋਂ

# ਮੰਡਲ ਦਫਤਰ ਵਿਖੇ ਰੋਸ ਰੈਲੀ ਪੰਜਵੇਂ ਦਿਨ ਵੀ ਜਾਰੀ



ਧੂਰੀ ( ਰਣਜੀਤ ਸਿੰਘ ਪੇਧਨੀ )- ਪੀ.ਐਸ.ਈ.ਬੀ.ਇੰਪਲਾਈਜ਼ ਜੋਆਇੰਟ ਫੋਰਮ ਬਿਜਲੀ ਮੁਲਾਜਮ ਏਕਤ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜਨੀਅਰ, ਮਹਿਤ ਸਬ ਸਟੇਸਨ ਇੰਪਲਾਈਜ ਯੂਨੀਅਨ, ਪਾਵਰਕਾਮ ਅਤੇ ਟਰਾਸਕੋਂ ਪੈਨਸਨਰਜ ਯੂਨੀਅਨ ਏਟਕ ਅਤੇ ਪੈਨਸਨਰ ਵੈਲਫੇਅਰ ਫੈਡਰੇਸ਼ਨ ਪਹਿਲਵਾਨ ਦੇ-ਅਤੇ ਮੁਲਾਜ਼ਮ ਯੂਨਾਈਟਡ ਆਰਗੇਨੀਜਸਨ ਦੇ ਸੋਦੇ ਤੇ ਮੰਡਲ ਦਫਤਰ ਧੂਰੀ ਵਿਖੇ ਮਿਤੀ 21.22/07/2026 ਤੋਂ ਲੈ ਕੇ ਅੱਜ ਪੰਜਵੇਂ ਦਿਨ ਬਿਜਲੀ ਮੁਲਾਜ਼ਮ ਸਾਥੀਆਂ ਨੇ ਮੰਡਲ ਦਫਤਰ ਧੂਰੀ ਵਿਖੇ ਰੋਸ ਰੈਲੀ ਕੀਤੀ ਗਈ। ਇਸ ਮੌਕੇ ਰੋਸ ਰੈਲੀ ਨੂੰ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ 17,7,20 ਦਾ ਨੋਟੀਫਿਕੇਸ਼ਨ ਰੱਦ ਕਰਨ ਸਬੰਧੀ, ਇਸ ਮੌਕੇ ਗਗਨਦੀਪ ਸਿੰਘ ਧੂਰੀ, ਗੁਰਪਿੰਦਰ ਸਿੰਘ ਕਹੇਰੂ, ਲਖਵਿੰਦਰ ਸਿੰਘ, ਰਮਨਦੀਪ ਸਿੰਘ ਫਰਵਾਹੀ, ਸਵੇਤ ਗੋਇਲ, ਰਮਨਜੀਤ ਸਿੰਘ ਲਾਲੀ, ਹਰਦੇਵ ਸਿੰਘ, ਜਸਪਾਲ ਸਿੰਘ ਖੁਰਮੀ, ਇੰਦਰਜੀਤ ਸਿੰਘ, ਸੰਤੋਖ ਸਿੰਘ, ਰੂਪ ਸਿੰਘ, ਮਨਜੀਤ ਸਿੰਘ ਲੱਡਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਭਾਗੀਵਾਂਦਰ ਵਿਖੇ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ 'ਤੇ ਆਧਾਰਿਤ ਦਸਤਾਵੇਜ਼ੀ





ਤਲਵੰਡੀ ਸਾਬੋ, 24 ਜੁਲਾਈ (ਗੁਰਜੰਟ ਸਿੰਘ ਨਥੇਹਾ)- ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਅਤੇ ਸਤਿਕਾਰ ਨਾਲ ਮਨਾਉਣ ਅਤੇ ਉਨ੍ਹਾਂ ਦੇ ਜੀਵਨ ਫਲਸਫ਼ੇ, ਬਾਣੀ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਜ਼ਿਲ੍ਹਾ ਬਠਿੰਡਾ ਦੇ ਪਿੰਡ-ਪਿੰਡ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਅੱਜ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਦੇ ਪਿੰਡ ਭਾਗੀਵਾਂਦਰ ਅਤੇ ਭਾਗੀਵਾਂਦਰ ਕਲਾਂ ਵਿਖੇ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਡਾਕੂਮੈਂਟਰੀ ਮੁਹਿੰਮ ਤਹਿਤ ਤਲਵੰਡੀ ਸਾਬੋ ਬਲਾਕ ਦੇ ਪਿੰਡਾਂ ਲਈ ਤਿਆਰ ਕੀਤੀ ਗਈ ਪ੍ਰਚਾਰ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਮਹਾਨ ਸੰਦੇਸ਼ ਨੂੰ ਉਜਾਗਰ ਕਰਦੀ ਦਸਤਾਵੇਜ਼ੀ ਫਿਲਮ ਦਾ ਪ੍ਰਦਰਸ਼ਨ ਕੀਤਾ ਜਾਵੇਗਾ। ਇਸੇ ਤਰ੍ਹਾਂ ਡਾਕੂਮੈਂਟਰੀ ਵੈਨ ਹਰ ਰੋਜ਼ ਦੋ ਪਿੰਡਾਂ ਵਿੱਚ ਸ਼ਾਮ 6 ਵਜੇ ਅਤੇ 7 ਵਜੇ ਦੋ ਸ਼ੋਅ ਕਰੇਗੀ। 25 ਜੁਲਾਈ ਨੂੰ ਪਿੰਡ ਲਾਲੇਆਣਾ ਅਤੇ ਮਾਹੀਨੰਗਲ, ਜਦਕਿ 26 ਜੁਲਾਈ ਨੂੰ ਪਿੰਡ ਬਹਿਮਣ ਜੱਸਾ ਸਿੰਘ ਅਤੇ ਬਹਿਮਣ ਕੌਰ ਸਿੰਘ ਵਿਖੇ ਡਾਕੂਮੈਂਟਰੀ ਸ਼ੋਅ ਆਯੋਜਿਤ ਕੀਤੇ ਜਾਣਗੇ। ਪੰਜਾਬ ਸਰਕਾਰ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਨੂੰ ਘਰ-ਘਰ ਤੱਕ ਪਹੁੰਚਾ ਕੇ ਸਮਾਜ ਵਿੱਚ ਸਮਾਨਤਾ, ਸਦਭਾਵਨਾ ਅਤੇ ਸਾਂਝੀਵਾਲਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ ਹੈ। ਇਹ ਦਸਤਾਵੇਜ਼ੀ ਨੌਜਵਾਨਾਂ ਨੂੰ ਗੁਰੂ ਸਾਹਿਬ ਦੇ ਆਦਰਸ਼ਾਂ ਨਾਲ ਜੋੜਨ, ਉਨ੍ਹਾਂ ਦੇ ਜੀਵਨ ਤੋਂ ਪ੍ਰੇਰਣਾ ਲੈਣ ਅਤੇ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਝਣ ਲਈ ਇੱਕ ਮਹੱਤਵਪੂਰਨ ਉਪਰਾਲਾ ਸਾਬਤ ਹੋਵੇਗੀ। ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਅੱਜ ਵੀ ਸਮਾਜ ਨੂੰ ਸੱਚ, ਸਮਾਨਤਾ, ਆਪਸੀ ਸਤਿਕਾਰ ਅਤੇ ਮਨੁੱਖੀ ਏਕਤਾ ਦਾ ਰਾਹ ਦਿਖਾਉਂਦੀ ਹੈ। ਖ਼ਾਸ ਕਰਕੇ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣ ਲਈ ਕੀਤੇ ਜਾ ਰਹੇ ਇਸ ਵਿਲੱਖਣ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸਫਾਈ ਕਰਮਚਾਰੀਆਂ ਦੀਆਂ ਮੰਗਾਂ ਹੱਲ ਕਰਨ ਲਈ ਹਰੇ ਪੈੱਨ ਦੀ ਬਜਾਏ ਪੁਲਿਸ ਦਾ ਡੰਡਾ ਵਰਤ ਰਹੀ ਪੰਜਾਬ ਸਰਕਾਰ- ਬੀਬੀ ਗੁਲਸ਼ਨ, ਸ ਫਿਲੌਰ





ਚੰਡੀਗੜ੍ਹ, 25 ਜੁਲਾਈ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਕੋਰ ਕਮੇਟੀ ਮੈਂਬਰ ਸ ਸਰਵਣ ਸਿੰਘ ਫਿਲੌਰ ਅਤੇ ਬੀਬੀ ਪਰਮਜੀਤ ਕੌਰ ਗੁਲਸ਼ਨ ਨੇ ਇਕ ਸਾਂਝੇ ਲਿਖਤੀ ਬਿਆਨ ਵਿੱਚ ਦੋਸ਼ ਲਾਇਆ ਕਿ ਜਿਹੜੀ ਆਮ ਆਦਮੀ ਪਾਰਟੀ ਸੱਤ੍ਹਾ ਹਥਿਆਉਣ ਤੋਂ ਪਹਿਲਾਂ ਦਾਅਵੇ ਕਰਦੀ ਸੀ ਕਿ ਪੰਜਾਬ ਦੇ ਲੋਕਾਂ ਦੀ ਹਰ ਸਮੱਸਿਆ ਦਾ ਹੱਲ ਕਰਨ ਲਈ ਹਰਾ ਪੈੱਨ ਵਰਤਿਆ ਜਾਵੇਗਾ, ਉਹ ਹੁਣ ਡੰਡਾ ਚਲਾਉਣ ਲੱਗਿਆਂ ਇਹ ਵੀ ਤਰਸ ਨਹੀਂ ਕਰਦੀ ਕਿ ਅੱਗੇ ਔਰਤਾਂ ਹਨ। ਦੋਹਾਂ ਆਗੂਆਂ ਨੇ ਕਿਹਾ ਕਿ ਜੋ ਕੁੱਝ ਖੰਨਾ ਜਾਂ ਬਰਨਾਲਾ ਵਿੱਚ ਸਰਕਾਰੀ ਹੁਕਮਾਂ 'ਤੇ ਪੁਲਿਸ ਵੱਲੋਂ ਕੀਤਾ ਗਿਆ ਹੈ, ਉਹ ਸਿਰਫ ਕਾਨੂੰਨ ਦੀ ਉਲੰਘਣਾ ਹੀ ਨਹੀਂ ਸਗੋਂ ਮਨੁੱਖਤਾ ਨੂੰ ਸ਼ਰਮਸਾਰ ਕਰਨ ਵਾਲੀਆਂ ਘਟਨਾਵਾਂ ਹਨ। ਜਿੰਨਾਂ ਤੋਂ ਪਤਾ ਲਗਦਾ ਹੈ ਕਿ ਭਗਵੰਤ ਮਾਨ ਦੀ ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਹੱਲ ਕਰਨਾ ਤਾਂ ਦੂਰ, ਸੁਣਨ ਲਈ ਵੀ ਤਿਆਰ ਨਹੀ। ਇਹ ਸਰਕਾਰ ਦੀ ਅਸਹਿਣਸ਼ੀਲਤਾ ਦਾ ਹੀ ਸਬੂਤ ਹੈ ਕਿ ਮੁਲਾਜ਼ਮਾਂ ਨੂੰ ਸੰਤੁਸ਼ਟ ਕਰਾਉਣ ਦੀ ਜਿੰਮੇਵਾਰੀ ਨਿਭਾਉਣ ਦੀ ਥਾਂ ਡੰਡੇ ਨਾਲ ਦਬਾਇਆ ਜਾ ਰਿਹਾ ਹੈ। ਦੋਹਾਂ ਆਗੂਆਂ ਨੇ ਕਿਹਾ ਕਿ ਸਰਕਾਰ ਨੂੰ ਇਹਨਾਂ ਜਾਲਮਾਨਾਂ ਕਾਰਵਾਈਆਂ ਲਈ ਪੰਜਾਬ ਦੇ ਲੋਕਾਂ ਤੋਂ ਤੁਰੰਤ ਮਾਫੀ ਮੰਗਣੀ ਚਾਹੀਦੀ ਹੈ ਅਤੇ ਦੋਸ਼ੀ ਪੁਲਿਸ ਅਫਸਰਾਂ ਨੂੰ ਸਖਤ ਸਜਾ ਦੇਣੀ ਚਾਹੀਦੀ ਹੈ। ਮੀਡੀਆ ਨੂੰ ਇਹ ਪ੍ਰੈਸ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### 11 ਅਗਸਤ ਤੱਕ ਨਵੇਂ ਰਾਸ਼ਨ ਕਾਰਡ ਬਣਾਉਣ ਅਤੇ ਯੋਗ ਮੈਂਬਰ ਸ਼ਾਮਲ ਕਰਨ ਲਈ

# ਅਰਜ਼ੀਆਂ ਸਵੀਕਾਰ ਕੀਤੀਆਂ ਜਾਣਗੀਆਂ





**ਜੰਡਿਆਲਾ ਗੁਰੂ , 25 ਜੁਲਾਈ (ਕੁਲਵੰਤ ਸਿੰਘ ਵਿਰਦੀ)** - ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਭਗਵਾਨਸਰ ਅਤੇ ਧੀਰੇਕੋਟ ਵਿਖੇ ਆਯੋਜਿਤ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਜਲਦ ਨਿਪਟਾਰੇ ਲਈ ਲੋੜੀਂਦੇ ਨਿਰਦੇਸ਼ ਦਿੱਤੇ। ਇਸ ਮੌਕੇ ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ।ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰ ਯੋਗ ਅਤੇ ਲੋੜਵੰਦ ਪਰਿਵਾਰ ਤੱਕ ਸਰਕਾਰੀ ਭਲਾਈ ਯੋਜਨਾਵਾਂ ਦਾ ਲਾਭ ਪਹੁੰਚਾਉਣ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਹੈ ਕਿ ਕੋਈ ਵੀ ਹੱਕਦਾਰ ਪਰਿਵਾਰ ਸਰਕਾਰੀ ਸਹੂਲਤਾਂ ਤੋਂ ਵਾਂਝਾ ਨਾ ਰਹੇ।ਉਨ੍ਹਾਂ ਦੱਸਿਆ ਕਿ ਨੈਸ਼ਨਲ ਫੂਡ ਸਿਕਿਊਰਿਟੀ ਐਕਟ, 2013 ਅਤੇ ਸਮਾਰਟ ਰਾਸ਼ਨ ਕਾਰਡ ਸਕੀਮ ਤਹਿਤ 22 ਜੁਲਾਈ ਤੋਂ 11 ਅਗਸਤ 2026 ਤੱਕ ਨਵੇਂ ਰਾਸ਼ਨ ਕਾਰਡ ਬਣਾਉਣ ਅਤੇ ਮੌਜੂਦਾ ਰਾਸ਼ਨ ਕਾਰਡਾਂ ਵਿੱਚ ਯੋਗ ਮੈਂਬਰਾਂ ਦੇ ਨਾਮ ਸ਼ਾਮਲ ਕਰਨ ਲਈ ਅਰਜ਼ੀਆਂ ਪ੍ਰਾਪਤ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਪੂਰੀ ਤਰ੍ਹਾਂ ਪਾਰਦਰਸ਼ੀ, ਡਿਜੀਟਲ ਅਤੇ ਭ੍ਰਿਸ਼ਟਾਚਾਰ-ਮੁਕਤ ਪ੍ਰਣਾਲੀ ਰਾਹੀਂ ਚਲਾਈ ਜਾ ਰਹੀ ਹੈ, ਜਿਸ ਨਾਲ ਹਰ ਯੋਗ ਪਰਿਵਾਰ ਨੂੰ ਬਿਨਾਂ ਕਿਸੇ ਸਿਫ਼ਾਰਸ਼ ਜਾਂ ਰਿਸ਼ਵਤ ਦੇ ਉਸ ਦਾ ਬਣਦਾ ਹੱਕ ਮਿਲੇਗਾ।ਸ. ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਸਰਕਾਰ ਵੱਲੋਂ 10 ਲੱਖ ਨਵੇਂ ਰਾਸ਼ਨ ਕਾਰਡ ਜਾਰੀ ਕਰਨ ਦਾ ਟੀਚਾ ਰੱਖਿਆ ਗਿਆ ਹੈ, ਜਿਨ੍ਹਾਂ ਵਿੱਚੋਂ 7 ਲੱਖ ਯੋਗ ਪਰਿਵਾਰਾਂ ਨੂੰ ਜਾਰੀ ਕੀਤੇ ਜਾਣਗੇ, ਜਦਕਿ 3 ਲੱਖ ਈ-ਸ਼੍ਰਮ ਅਤੇ ਪ੍ਰਵਾਸੀ ਮਜ਼ਦੂਰਾਂ ਨੂੰ ਵੀ ਕੌਮੀ ਖੁਰਾਕ ਸੁਰੱਖਿਆ ਐਕਟ ਦੇ ਦਾਇਰੇ ਵਿੱਚ ਲਿਆਂਦਾ ਜਾਵੇਗਾ। ਇਸ ਨਾਲ ਵੱਧ ਤੋਂ ਵੱਧ ਲੋੜਵੰਦ ਪਰਿਵਾਰਾਂ ਨੂੰ ਭੋਜਨ ਸੁਰੱਖਿਆ ਦਾ ਲਾਭ ਮਿਲੇਗਾ।ਉਨ੍ਹਾਂ ਕਿਹਾ ਕਿ ਅਰਜ਼ੀ ਪ੍ਰਕਿਰਿਆ ਨੂੰ ਬਹੁਤ ਸਰਲ ਬਣਾਇਆ ਗਿਆ ਹੈ। ਯੋਗ ਬਿਨੈਕਾਰ ਸੇਵਾ ਕੇਂਦਰਾਂ, ਕਾਮਨ ਸਰਵਿਸ ਸੈਂਟਰਾਂ, ਜ਼ਿਲ੍ਹਾ ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਦੇ ਦਫ਼ਤਰਾਂ ਜਾਂ ਆਨਲਾਈਨ ਪੋਰਟਲ ਰਾਹੀਂ ਅਰਜ਼ੀਆਂ ਜਮ੍ਹਾਂ ਕਰਵਾ ਸਕਦੇ ਹਨ।ਹਰ ਬਿਨੈਕਾਰ ਨੂੰ ਅਰਜ਼ੀ ਜਮ੍ਹਾਂ ਹੋਣ ਉਪਰੰਤ ਐਸ.ਐਮ.ਐਸ. ਰਾਹੀਂ ਰਸੀਦ ਪ੍ਰਾਪਤ ਹੋਵੇਗੀ ਅਤੇ ਉਹ ਆਪਣੀ ਅਰਜ਼ੀ ਦੀ ਸਥਿਤੀ ਵੀ ਆਨਲਾਈਨ ਦੇਖ ਸਕਣਗੇ।ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ ਪੂਰੀ ਪ੍ਰਕਿਰਿਆ ਦੌਰਾਨ ਡਿਜੀਟਲ ਵੈਰੀਫਿਕੇਸ਼ਨ, ਜੀਓ-ਟੈਗਿੰਗ, ਟਾਈਮ-ਸਟੈਂਪ ਅਤੇ ਸਰਕਾਰੀ ਡਾਟਾਬੇਸ ਰਾਹੀਂ ਆਨਲਾਈਨ ਜਾਂਚ ਕੀਤੀ ਜਾਵੇਗੀ, ਤਾਂ ਜੋ ਫ਼ਰਜ਼ੀ ਰਾਸ਼ਨ ਕਾਰਡਾਂ ਨੂੰ ਰੋਕਿਆ ਜਾ ਸਕੇ ਅਤੇ ਸਿਰਫ਼ ਯੋਗ ਪਰਿਵਾਰਾਂ ਨੂੰ ਹੀ ਯੋਜਨਾ ਦਾ ਲਾਭ ਮਿਲੇ।ਉਨ੍ਹਾਂ ਕਿਹਾ ਕਿ ਵਿਧਵਾਵਾਂ, ਦਿਵਿਆਂਗ ਵਿਅਕਤੀਆਂ, ਸੀਨੀਅਰ ਨਾਗਰਿਕਾਂ, ਗਰੀਬੀ ਰੇਖਾ ਤੋਂ ਹੇਠਾਂ ਰਹਿ ਰਹੇ ਪਰਿਵਾਰਾਂ, ਗੰਭੀਰ ਬਿਮਾਰੀਆਂ ਨਾਲ ਪੀੜਤ ਪਰਿਵਾਰਾਂ, ਕੱਚੇ ਮਕਾਨਾਂ ਵਿੱਚ ਰਹਿ ਰਹੇ ਅਤੇ ਘੱਟ ਆਮਦਨ ਵਾਲੇ ਪਰਿਵਾਰਾਂ ਨੂੰ ਪਹਿਲ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਹਰ ਨਵੇਂ ਯੋਗ ਲਾਭਪਾਤਰੀ ਨੂੰ 5 ਕਿਲੋ ਕਣਕ ਦੇ ਨਾਲ 'ਮੇਰੀ ਰਸੋਈ ਪੌਸ਼ਿਟਕ ਕਿੱਟ' ਵੀ ਮੁਹੱਈਆ ਕਰਵਾਈ ਜਾਵੇਗੀ।ਸ. ਹਰਭਜਨ ਸਿੰਘ ਈ.ਟੀ.ਓ. ਨੇ ਸਾਰੇ ਯੋਗ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਉਹ 11 ਅਗਸਤ 2026 ਤੱਕ ਆਪਣੀਆਂ ਅਰਜ਼ੀਆਂ ਜ਼ੂਰਰ ਜਮ੍ਹਾਂ ਕਰਵਾਉਣ ਅਤੇ ਪੰਜਾਬ ਸਰਕਾਰ ਦੀ ਇਸ ਲੋਕ-ਭਲਾਈ ਯੋਜਨਾ ਦਾ ਵੱਧ ਤੋਂ ਵੱਧ ਲਾਭ ਉਠਾਉਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਦਾ ਮੰਤਵ ਹਰ ਲੋੜਵੰਦ ਤੱਕ ਸਰਕਾਰੀ ਸਹੂਲਤਾਂ ਪੂਰੀ ਪਾਰਦਰਸ਼ਤਾ ਨਾਲ ਪਹੁੰਚਾਉਣਾ ਹੈ। ਇਸ ਮੌਕੇ ਚੇਅਰਮੈਨ ਅਮਰੀਕ ਸਿੰਘ ਸੋਢੀ ਅਤੇ ਪਿੰਡ ਵਾਸੀ ਇਲਾਕਾ ਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ!

> **ਹਰ ਹੱਕਦਾਰ ਪਰਿਵਾਰ ਤੱਕ ਸਰਕਾਰੀ ਭਲਾਈ ਯੋਜਨਾਵਾਂ ਦਾ ਲਾਭ ਪਹੁੰਚਾਉਣਾ ਸਰਕਾਰ ਦੀ ਪ੍ਰਾਥਮਿਕਤਾ - ਈ.ਟੀ.ਓ.**

ਆਵਾਜ਼ਿ ਕੌਮ AWAZE QAUM International Newspaper & WEB TV

### ਸਰਕਾਰਾਂ ਨੂੰ ਦੇਸ਼ ਦੇ ਭਵਿੱਖ ਨੌਜਵਾਨਾਂ ਦੀ ਗੱਲ ਹਮਦਰਦੀ ਨਾਲ ਸੁਣਨੀ ਚਾਹੀਦੀ ਹੈ- ਸ ਰਵੀਇੰਦਰ ਸਿੰਘ

# ਸੰਘਰਸ਼ ਨੂੰ ਜਿੱਤਣ 'ਤੇ ਵਿਦਿਆਰਥੀਆਂ ਨੂੰ ਦਿੱਤੀ ਵਧਾਈ



**ਚੰਡੀਗੜ੍ਹ, 25 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਰਪ੍ਰਸਤ ਅਤੇ ਸਾਬਕਾ ਸਪੀਕਰ ਸ ਰਵੀਇੰਦਰ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਵਿੱਚ ਕਿਹਾ ਕਿ ਨੌਜਵਾਨ ਦੇਸ਼ ਦਾ ਭਵਿੱਖ ਹਨ, ਜੇ ਉਹਨਾਂ ਦੇ ਕੋਈ ਗਿਲੇ-ਸ਼ਿਕਵੇ ਹਨ ਤਾਂ ਉਹਨਾਂ ਨੂੰ ਹਮਦਰਦੀ ਨਾਲ ਸੁਣਿਆ ਅਤੇ ਵਿਚਾਰਿਆ ਜਾਣਾ ਚਾਹੀਦਾ ਹੈ, ਨਾ ਕਿ ਪੁਲਸ ਦੀ ਵਰਤੋਂ ਨਾਲ ਉਹਨਾਂ ਨੂੰ ਦਬਾਉਣਾ ਚਾਹੀਦਾ ਹੈ। ਸ ਰਵੀਇੰਦਰ ਸਿੰਘ ਨੇ ਕਿਹਾ ਕਿ ਦੇਸ਼ ਭਰ ਦੇ ਨੌਜਵਾਨਾਂ ਦਾ ਜੰਤਰ-ਮੰਤਰ 'ਤੇ ਇਕੱਠੇ ਹੋ ਕੇ ਆਪਣੇ ਹੱਕ ਲਈ ਸ਼ਾਂਤਮਈ ਤਰੀਕੇ ਨਾਲ ਆਵਾਜ ਉਠਾਉਣਾ, ਲੋਕਤੰਤਰ ਲਈ ਸ਼ੁਭ ਸੰਕੇਤ ਹੈ। ਸਰਕਾਰਾਂ ਨੂੰ ਇਸ ਨੂੰ ਇਕ ਚੈਲੰਜ ਵਾਂਗ ਲੈਣ ਦੀ ਬਜਾਏ ਇਹ ਭਰੋਸਾ ਕਰਨਾ ਚਾਹੀਦਾ ਹੈ ਕਿ ਸਾਡੇ ਬੱਚੇ ਜਾਗਰੂਕ ਹੋ ਰਹੇ ਹਨ। ਜਿਸ ਤਰਾਂ ਬਾਰ ਬਾਰ ਪੇਪਰ ਲੀਕ ਵਰਗੀਆਂ ਘਟਨਾਵਾਂ ਹੋਈਆਂ ਹਨ, ਉਸ ਨਾਲ ਮਿਹਨਤੀ ਵਿਦਿਆਰਥੀਆਂ ਦਾ ਸਿਸਟਮ ਤੋਂ ਭਰੋਸਾ ਟੁੱਟਿਆ ਹੈ। ਇਸ ਦੀ ਬਹਾਲੀ ਲਈ ਸਰਕਾਰ ਨੂੰ ਪੁਲਿਸ ਦੀ ਵਰਤੋਂ ਕਰਨ ਦੀ ਬਜਾਇ ਗੱਲਬਾਤ ਦਾ ਰਾਹ ਅਪਣਾਉਣਾ ਚਾਹੀਦਾ ਸੀ। ਸੋਨਮ ਵਾਂਗਚੁਕ ਵਰਗੇ ਸਮਾਜਿਕ ਕਾਰਕੁੰਨ ਦੀ ਜਿੰਦਗੀ ਨੂੰ ਦਾਅ 'ਤੇ ਲਗਾ ਕੇ ਵੀ ਸਰਕਾਰ ਇਹਨਾਂ ਵਿਦਿਆਰਥੀਆਂ ਤੋਂ ਜਿੱਤ ਨਹੀਂ ਸਕੀ ਅਤੇ ਆਖਿਰ ਉਹਨਾਂ ਦੀਆਂ ਮੰਗਾਂ ਅੱਗੇ ਝੁਕਣਾ ਪਿਆ। ਜੇ ਸਿਖਿਆ ਮੰਤਰੀ ਨੂੰ ਪਹਿਲਾਂ ਹੀ ਬਰਖਾਸਤ ਕਰਕੇ ਜਵਾਬਦੇਹੀ ਦਾ ਸਬੂਤ ਦਿੱਤਾ ਜਾਂਦਾ ਤਾਂ ਸਰਕਾਰ ਇਸ ਬਦਨਾਮੀ ਅਤੇ ਅਰਾਜਕਤਾ ਵਾਲੇ ਮਾਹੌਲ ਤੋਂ ਬਚ ਸਕਦੀ ਸੀ। ਸ ਰਵੀਇੰਦਰ ਸਿੰਘ ਨੇ ਕਿਹਾ ਕਿ ਹੁਣ ਵੀ ਸਰਕਾਰ ਨੂੰ ਕੁਦਕੁਸ਼ੀ ਕਰਨ ਵਾਲੇ ਅਤੇ ਪੁਲਸ ਤਸ਼ੱਦਦ ਨਾਲ ਜਖਮੀ ਵਿਦਿਆਰਥੀਆਂ ਤੋਂ ਮਾਫੀ ਮੰਗਣੀ ਚਾਹੀਦੀ ਹੈ ਅਤੇ ਪੂਰਾ ਮੁਆਵਜਾ ਦੇ ਕੇ ਪੀੜਤ ਲੋਕਾਂ ਦੇ ਜਖਮਾਂ ਤੇ ਮੱਲ੍ਹਮ ਲਾਉਣੀ ਚਾਹੀਦੀ ਹੈ। ਸ ਰਵੀਇੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਉਹਨਾਂ ਵੱਲੋਂ ਪੂਰੇ ਜਾਬਤੇ ਨਾਲ ਏਨਾ ਵੱਡਾ ਅੰਦੋਲਨ ਚਲਾਉਣ ਅਤੇ ਜਿੱਤ ਪ੍ਰਾਪਤ ਕਰਨ 'ਤੇ ਵਧਾਈ ਵੀ ਦਿੱਤੀ। ਪ੍ਰੈੱਸ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਕਾਨੂੰਨ ਮੁਤਾਬਿਕ ਰਸਤੇ ਦੀ ਕਰਵਾਈ ਜਾਵੇ ਨਿਸ਼ਾਨਦੇਹੀ—ਕੁਲਦੀਪ ਸਿੰਘ



ਫ਼ਿਰੋਜ਼ਪੁਰ, 25 ਜੁਲਾਈ (ਮਨੋਹਰ ਲਾਲ) :— ਰਸਤੇ ਦੀ ਕਾਨੂੰਨ ਮੁਤਾਬਿਕ ਨਿਸ਼ਾਨਦੇਹੀ ਕਰਵਾਉਣ ਦੀ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਨੂੰ ਲਿਖਤੀ ਬੇਨਤੀ ਕਰਦਿਆਂ ਕੁਲਦੀਪ ਸਿੰਘ ਪੁੱਤਰ ਅੰਗਰੇਜ਼ ਸਿੰਘ ਵਾਸੀ ਪਿੰਡ ਮੋਤੀਵਾਲਾ ਨੇ ਕਿਹਾ ਕਿ ਬਿਨ੍ਹਾਂ ਦੇਰੀ ਉਨ੍ਹਾਂ ਨੂੰ ਇਨਸਾਫ ਦਿੱਤਾ ਜਾਵੇ। ਰੋਹ ਜ਼ਾਹਿਰ ਕਰਦਿਆਂ ਪੀੜਤ ਨੇ ਕਿਹਾ ਕਿ ਜ਼ੋ ਧੱਕੇ ਨਾਲ ਰਸਤੇ ਦਾ ਕੰਮ ਚਾਲੂ ਕੀਤਾ ਹੋਇਆ ਹੈ ਨੂੰ ਬੰਦ ਕੀਤਾ ਜਾਵੇ। ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਰਸਤਾ ਨੰਬਰ 43 ਜ਼ੋ ਕਿ ਪਿੰਡ ਮੋਤੀਵਾਲ ਤੋਂ ਬੰਦੀਵਾਲ ਤੱਕ ਮੌਜੂਦ ਹੈ, ਦੀ ਨਿਸ਼ਾਨਦੇਹੀ ਬੀ.ਡੀ.ਪੀ.ਓ ਬਲਾਕ ਗੁਰੂਹਰਸਹਾਏ ਵੱਲੋਂ ਤਹਿਸੀਲਦਾਰ ਗੁਰੂਹਰਸਾਏ ਨੂੰ ਲਿਖਿਆ ਗਿਆ ਸੀ। ਉਨ੍ਹਾਂ ਕਿਹਾ ਕਿ 26 ਜੂਨ ਨੂੰ ਰਪਟ ਨੰਬਰ 398 ਤਿਆਰ ਕਰਕੇ ਨਿਸ਼ਾਨਦੇਹੀ ਰਪਟ ਮਾਲ ਮਹਿਕਮਾ ਵਿਚ ਇੰਦਰਾਜ ਕੀਤੀ ਗਈ, ਜਿਸ ਵਿਚ ਕੋਈ ਸਚਾਈ ਨਾ ਹੈ, ਕਿਉਂਕਿ ਉਕਤ ਰਕਬੇ ਦੀ ਨਿਸ਼ਾਨਦੇਹੀ ਕਰਨ ਤੋਂ ਪਹਿਲਾਂ ਬੀ.ਡੀ.ਪੀ.ਓ ਗੁਰੂਹਰਸਹਾਏ ਵੱਲੋਂ ਕਿਸੇ ਮਾਲ ਮਹਿਕਮੇ ਦੇ ਅਫਸਰ ਵੱਲੋਂ ਸਾਨੂੰ ਕੋਈ ਜਾਣਕਾਰੀ ਨਹੀਂ ਦਿੱਤੀ ਗਈ ਅਤੇ ਨਾ ਹੀ ਸਾਨੂੰ ਉਸ ਤੋਂ ਪਹਿਲਾਂ ਕੋਈ ਸੰਮਨ ਜਾਂ ਕੋਈ ਇਤਲਾਹ ਦਿੱਤੀ ਗਈ ਸੀ ਅਤੇ ਨਾ ਹੀ ਸਾਨੂੰ ਮੌਕੇ ਪਰ ਬੁਲਾਇਆ ਗਿਆ। ਉਨ੍ਹਾਂ ਕਿਹਾ ਕਿ ਮੁਰੱਬਾ ਨੰਬਰ 20 ਕਿਲਾ ਨੰ: 13/1 ਜ਼ੋ ਕਿ ਪਿੰਡ ਮੋਤੀਵਾਲ ਦੀ ਫਿਰਨੀ ਨੂੰ ਲੱਗਦਾ ਹੈ, ਜਿਸ ਉਪਰ ਪਿੰਡ ਦੇ ਕੁਝ ਵਿਅਕਤੀਆਂ ਵੱਲੋਂ ਨਜਾਇਜ਼ ਕਬਜਾ ਕੀਤਾ ਹੋਇਆ ਹੈ ਉਹ ਸਿਆਸੀ ਰਸੂਖ ਰੱਖਦੇ ਹੋਣ ਕਰਕੇ ਉਕਤ ਮੁਰੱਬਾ ਦੀ ਨਿਸ਼ਾਨਦੇਹੀ ਨਾ ਕੀਤੀ ਗਈ ਹੈ, ਜੇਕਰ ਉਕਤ ਰਸਤੇ ਦੀ ਨਿਸ਼ਾਨਦੇਹੀ ਕੀਤੀ ਜਾਂਦੀ ਤਾਂ ਰਸਤਾ ਪੂਰਾ ਕੀਤਾ ਜਾ ਸਕਦਾ ਹੈ। ਇਸ ਮੌਕੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਤੋਂ ਅਵਤਾਰ ਸਿੰਘ ਮਹਿਮਾ, ਗੁਰਜੱਜ ਸਿੰਘ ਸਾਂਦੇ ਹਾਸ਼ਮ, ਗੁਰਚਰਨ ਸਿੰਘ ਅਜੀਜਵਾਲੀ, ਜਸਬੀਰ ਸਿੰਘ ਮੱਲਵਾਲ, ਓਮ ਪ੍ਰਕਾਸ਼ ਲੱਖਾ ਹਾਜੀ, ਗੁਰਚਰਨ ਸਿੰਘ, ਗੁਰਬਖਸ਼ ਸਿੰਘ ਬਜੀਦਪੁਰ, ਕੁਲਦੀਪ ਸਿੰਘ ਰੋਡੇ ਵਾਲਾ ਬੀ.ਕੇ.ਯੂ ਸਿੱਧੂਪੁਰ ਤੋਂ ਪਰਮਜੀਤ ਸਿੰਘ ਭੁੱਲਰ, ਗੁਰਪ੍ਰੀਤ ਸਿੰਘ ਸਤਿਨਾਮ ਸਿੰਘ ਬੀ.ਕੇ.ਯੂ ਮਾਨਸਾ ਤੋਂ ਮੇਜਰ ਸਿੰਘ ਰੰਧਾਵਾ, ਜਸਵੀਰ ਸਿੰਘ ਭੁੱਲਰ ਹਲਕਾ ਇਨਚਾਰਜ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਆਦਿ ਹਾਜ਼ਰ ਸਨ, ਜਿਨ੍ਹਾਂ ਨੇ ਪੀੜਤ ਨੂੰ ਇਨਸਾਫ ਦੇਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

## 26 ਜੁਲਾਈ ਨੂੰ ਤਲਵੰਡੀ ਭਾਈ ਵਿਖੇ ਲੱਗੇਗਾ ਮੁਫ਼ਤ ਮੈਡੀਕਲ ਕੈਂਪ—ਫ਼ਾਈਬਰੋਸਕੈਨ ਜਾਂਚ ਵੀ ਹੋਵੇਗੀ ਮੁਫ਼ਤ



ਫ਼ਿਰੋਜ਼ਪੁਰ, 25 ਜੁਲਾਈ (ਮਨੋਹਰ ਲਾਲ) :— ਅਮਨਦੀਪ ਹਸਪਤਾਲ ਫ਼ਿਰੋਜ਼ਪੁਰ ਅਤੇ ਉਜਾਲਾ ਸਿਗਨਸ ਦੇ ਸਾਂਝੇ ਉਪਰਾਲੇ ਤਹਿਤ 26 ਜੁਲਾਈ (ਐਤਵਾਰ) ਨੂੰ ਤਲਵੰਡੀ ਭਾਈ ਸਥਿਤ ਸਨਾਤਨ ਧਰਮਸ਼ਾਲਾ ਪੁਰਾਣੀ ਦਾਣਾ ਮੰਡੀ ਵਿਖੇ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਮੁਫ਼ਤ ਮੈਡੀਕਲ ਚੈਕਅਪ ਕੈਂਪ ਲਗਾਇਆ ਜਾਵੇਗਾ। ਕੈਂਪ ਵਿੱਚ ਲੋਕਾਂ ਨੂੰ ਮਾਹਿਰ ਡਾਕਟਰਾਂ ਵੱਲੋਂ ਮੁਫ਼ਤ ਸਲਾਹ ਦੇਣ ਦੇ ਨਾਲ ਨਾਲ ਜਿਗਰ ਦੀ ਜਾਂਚ ਲਈ ਮੁਫ਼ਤ ਫ਼ਾਈਬਰੋਸਕੈਨ ਦੀ ਸਹੂਲਤ ਵੀ ਉਪਲਬਧ ਕਰਵਾਈ ਜਾਵੇਗੀ।

ਕੈਂਪ ਵਿੱਚ ਹੱਡੀਆਂ ਅਤੇ ਜੋੜਾਂ ਦੇ ਰੋਗਾਂ ਦੇ ਮਾਹਿਰ ਡਾ: ਕਨਿਸ਼ ਕਿਨਰਾ, ਇੰਟਰਨਲ ਮੈਡੀਸਨ ਮਾਹਿਰ ਡਾ: ਪ੍ਰਦੀਪ ਕੁਮਾਰ ਮਿੱਤਲ, ਈਐਨਟੀ ਮਾਹਿਰ ਡਾ: ਵਿਗਨੇਸ਼ ਏ.ਕੇ. ਅਤੇ ਲੈਪਰੋਸਕੋਪਿਕ ਤੇ ਜਨਰਲ ਸਰਜਨ ਡਾ: ਕਨਵਲਜੀਤ ਸਿੰਘ ਮਰੀਜ਼ਾਂ ਦੀ ਜਾਂਚ ਕਰਕੇ ਇਲਾਜ ਸੰਬੰਧੀ ਸਲਾਹ ਦੇਣਗੇ। ਇਸ ਤੋਂ ਇਲਾਵਾ ਮਰੀਜ਼ਾਂ ਦੀ ਆਮ ਸਿਹਤ ਜਾਂਚ ਵੀ ਕੀਤੀ ਜਾਵੇਗੀ ਅਤੇ ਉਨ੍ਹਾਂ ਨੂੰ ਹੱਡੀਆਂ ਤੇ ਜੋੜਾਂ ਦੀ ਸੰਭਾਲ, ਜੀਵਨ ਸ਼ੈਲੀ ਸੰਬੰਧੀ ਬਿਮਾਰੀਆਂ ਅਤੇ ਸਮੇਂ ਸਿਰ ਬਿਮਾਰੀ ਦੀ ਪਛਾਣ ਬਾਰੇ ਜਾਗਰੂਕ ਕੀਤਾ ਜਾਵੇਗਾ। ਹਸਪਤਾਲ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਪੇਂਡੂ ਖੇਤਰਾਂ ਤੱਕ ਮਾਹਿਰ ਸਿਹਤ ਸੇਵਾਵਾਂ ਪਹੁੰਚਾਉਣਾ ਹਸਪਤਾਲ ਦੀ ਪਹਿਲ ਹੈ। ਉਨ੍ਹਾਂ ਕਿਹਾ ਕਿ ਜਿਗਰ ਦੇ ਰੋਗਾਂ ਦੀ ਸਮੇਂ ਰਹਿੰਦੇ ਪਛਾਣ ਲਈ ਮੁਫ਼ਤ ਫ਼ਾਈਬਰੋਸਕੈਨ ਦੀ ਸਹੂਲਤ ਲੋਕਾਂ ਲਈ ਕਾਫ਼ੀ ਲਾਹੇਵੰਦ ਸਾਬਤ ਹੋਵੇਗੀ ਅਤੇ ਇਸ ਕੈਂਪ ਦੌਰਾਨ ਜ਼ਰੂਰਤਮੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਜਾਣਗੀਆਂ। ਹਸਪਤਾਲ ਦੇ ਬੁਲਾਰੇ ਨੇ ਦੱਸਿਆ ਕਿ ਅਜਿਹੇ ਸਿਹਤ ਕੈਂਪਾਂ ਦਾ ਉਦੇਸ਼ ਪੇਂਡੂ ਖੇਤਰ ਦੇ ਲੋਕਾਂ ਨੂੰ ਉਨ੍ਹਾਂ ਦੇ ਨੇੜੇ ਹੀ ਮਿਆਰੀ ਇਲਾਜ ਸੇਵਾਵਾਂ ਉਪਲਬਧ ਕਰਵਾਉਣਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਹਰ ਸਾਲ ਦੀ ਤਰ੍ਹਾਂ ਨਵੇਂ ਪੌਦੇ ਲਗਾ ਜਨਮ ਦਿਨ ਮਨਾਇਆ—ਪੀ.ਸੀ ਕੁਮਾਰ

ਫ਼ਿਰੋਜ਼ਪੁਰ, 25 ਜੁਲਾਈ (ਮਨੋਹਰ ਲਾਲ) :— ਉੱਘੇ ਸਮਾਜ ਸੇਵੀ ਪੀ.ਸੀ ਕੁਮਾਰ ਨੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਵਣ ਦੇ ਆਗਾਜ਼ ਤੇ ਸਕੂਲਾਂ ਵਿਚ ਪੌਦੇ ਲਗਾ ਕੇ ਆਪਣਾ ਜਨਮ ਦਿਨ ਮਨਾਇਆ। ਇਸ ਸਾਵਨ ਦੇ ਮਹੀਨੇ ਵਿਚ ਪਹਿਲਾਂ ਦੀ ਤਰ੍ਹਾਂ ਮਾਂ ਦੇ ਨਾਮ ਇਕ ਰੁੱਖ ਹਰ ਮਨੁੱਖ ਲਾਵੇ ਇਕ ਰੁੱਖ ਵਾਤਾਵਰਣ ਹੋ ਜਾਵੇ ਸ਼ੁੱਧ ਤੇ ਨਾਲ ਪਾਸ ਹੋਣ, ਘਰ ਵਿਚ ਕਿਸੇ ਵੀ ਪਰਿਵਾਰ ਦੇ ਮੈਂਬਰ ਦਾ ਕੋਈ ਸ਼ਾਦੀ ਦੀ ਸਾਲ ਗ੍ਰਹਿ ਕਿਆਰ ਮੌਕੇ ਇਥੋਂ ਤੱਕ ਜਦੋਂ ਕੋਈ ਬਰਸੀ ਅੰਤਮ ਅਰਦਾਸ ਵਾਲੇ ਦਿਨ ਵੀ ਪੋਧੇ ਵੰਡ ਕੇ ਮਨਾਉਣ ਦਾ ਸਿਲਸਿਲਾ ਬੜੇ ਸਾਲਾਂ ਤੋਂ ਮਨਾ ਹਰ ਸਾਲ ਹਜ਼ਾਰਾ ਪੌਦੇ ਲਗਾਏ ਜਾ ਰਹੇ ਹਨ ਤੇ ਲਗਾਏ ਜਾਂਦੇ ਰਹਿਣਗੇ।




ਆਵਾਜ਼ਿ ਕੌਮ AWAZE QAUM International Newspaper & WEB TV

### ਰਾਹੁਲ ਗਾਂਧੀ ਤੇ ਕੇਜਰੀਵਾਲ ਨੇ ਨੌਜਵਾਨਾਂ ਦੇ ਭਵਿੱਖ ਨੂੰ

# ਰਾਜਨੀਤਿਕ ਹਥਿਆਰ ਬਣਾਉਣ ਦੀ ਕੀਤੀ ਕੋਸ਼ਿਸ਼: ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 25 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਭਾਰਤੀ ਜਨਤਾ ਪਾਰਟੀ ਪੰਜਾਬ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਜੰਤਰ-ਮੰਤਰ ਵਿਖੇ ਚੱਲ ਰਹੇ ਵਿਦਿਆਰਥੀਆਂ ਦੇ ਅੰਦੋਲਨ ਦੇ ਕੇਂਦਰ ਸਰਕਾਰ ਨਾਲ ਗੱਲਬਾਤ ਤੋਂ ਬਾਅਦ ਸ਼ਾਂਤੀਪੂਰਨ ਢੰਗ ਨਾਲ ਸਮਾਪਤ ਹੋਣ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਲੋਕਤੰਤਰਿਕ ਸੰਵਾਦ ਦੀ ਜਿੱਤ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਦਿਆਰਥੀ ਦੀ ਪੀੜਾ ਨੂੰ ਸਮਝਣਾ ਅਤੇ ਉਸ ਦਾ ਹੱਲ ਸੰਵਾਦ ਰਾਹੀਂ ਕੱਢਣਾ ਹੀ ਜ਼ਿੰਮੇਵਾਰ ਸ਼ਾਸਨ ਦੀ ਪਹਿਚਾਣ ਹੈ। ਇਹ ਇਸ ਗੱਲ ਦਾ ਪ੍ਰਤੀਕ ਹੈ ਕਿ ਮੋਦੀ ਸਰਕਾਰ ਟਕਰਾਅ ਦੀ ਨਹੀਂ, ਸਗੋਂ ਸੰਵਾਦ ਅਤੇ ਲੋਕਤੰਤਰਿਕ ਹੱਲਾਂ ਦੀ ਰਾਜਨੀਤੀ 'ਤੇ ਵਿਸ਼ਵਾਸ ਰੱਖਦੀ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਕਾਂਗਰਸ ਆਗੂ ਰਾਹੁਲ ਗਾਂਧੀ ਅਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਨੌਜਵਾਨਾਂ ਦੇ ਭਵਿੱਖ ਨੂੰ ਰਾਜਨੀਤਿਕ ਹਥਿਆਰ ਬਣਾਉਣ ਅਤੇ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਰਾਜਨੀਤਿਕ ਮੰਚ ਵਿੱਚ ਤਬਦੀਲ ਕਰਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀਆਂ ਭਾਵਨਾਵਾਂ ਨਾਲ ਹਮਦਰਦੀ ਜ਼ਰੂਰੀ ਹੈ, ਪਰ ਉਨ੍ਹਾਂ ਨੂੰ ਰਾਜਨੀਤਿਕ ਢਾਲ ਵਜੋਂ ਵਰਤਣਾ ਲੋਕਤੰਤਰਿਕ ਮਰਿਆਦਾ ਦੇ ਉਲਟ ਹੈ।

> ☛ ਰਾਹੁਲ ਗਾਂਧੀ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ "ਭਾਰਤ ਦਾ ਅਤੀਤ" ਕਹਿਣਾ ਲੋਕ ਫ਼ਤਵੇ ਦਾ ਅਪਮਾਨ ਹੈ ☛ ਧਰਮਿੰਦਰ ਪ੍ਰਧਾਨ ਨੇ ਨੈਤਿਕਤਾ 'ਤੇ ਅਸਤੀਫ਼ਾ ਦਿਤਾ ਭਗਵੰਤ ਮਾਨ ਤੇ ਡਾ. ਬਲਬੀਰ ਕਦੋਂ ਅਸਤੀਫ਼ੇ ਦੇਣਗੇ ?

ਉਨ੍ਹਾਂ ਕੇਜਰੀਵਾਲ ਨੂੰ ਸਵਾਲ ਕੀਤਾ ਕਿ ਪੰਜਾਬ ਵਿੱਚ ਫਾਰਮੇਸੀ ਅਫ਼ਸਰ ਭਰਤੀ ਦੌਰਾਨ ਪੇਪਰ ਲੀਕ ਅਤੇ ਹਾਈਟੈੱਕ ਨਕਲ ਦੇ ਮਾਮਲੇ, ਵੱਖ-ਵੱਖ ਭਰਤੀ ਪ੍ਰੀਖਿਆਵਾਂ ਵਿੱਚ ਸਾਹਮਣੇ ਆਏ ਪੇਪਰ ਲੀਕ ਦੇ ਦੋਸ਼ਾਂ ਅਤੇ ਇਨ੍ਹਾਂ ਮਾਮਲਿਆਂ ਵਿੱਚ ਹੋਈਆਂ ਗ੍ਰਿਫ਼ਤਾਰੀਆਂ ਦੀ ਨੈਤਿਕ ਜ਼ਿੰਮੇਵਾਰੀ ਕੌਣ ਲਵੇਗਾ ? ਉਨ੍ਹਾਂ ਪੁੱਛਿਆ ਕਿ ਕੀ ਮੁੱਖ ਮੰਤਰੀ ਭਗਵੰਤ ਮਾਨ ਅਤੇ ਸਬੰਧਤ ਮੰਤਰੀ ਡਾ. ਬਲਬੀਰ ਦਾ ਅਸਤੀਫ਼ਾ ਕਦੋਂ ਲਿਆ ਜਾਵੇਗਾ, ਕਦੋਂ ਇਨ੍ਹਾਂ ਘਟਨਾਵਾਂ ਬਾਰੇ ਜਵਾਬਦੇਹੀ ਸਵੀਕਾਰ ਕਰਨਗੇ ?

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰੋ. ਖਿਆਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂ ਮਨ.ਸ਼ ਸ਼ਿਸੋਦੀਆ ਨੇ ਪਹਿਲਾਂ ਖ਼ੁਦ ਇਹ ਦਾਅਵਾ ਕੀਤਾ ਸੀ ਕਿ ਜੇ ਉਨ੍ਹਾਂ ਦੀ ਸਰਕਾਰ ਵਿੱਚ ਪੇਪਰ ਲੀਕ ਵਰਗੀ ਘਟਨਾ ਵਾਪਰਿਆ ਹੁੰਦਾ ਤਾਂ ਆਪ ਦਾ ਮੰਤਰੀ ਨੈਤਿਕ ਆਧਾਰ 'ਤੇ ਅਸਤੀਫ਼ਾ ਦਿਤਾ ਹੁੰਦਾ, ਹੁਣ ਜਦੋਂ ਪੰਜਾਬ ਵਿੱਚ ਭਰਤੀ ਪ੍ਰਕਿਰਿਆਵਾਂ ਨਾਲ ਜੁੜੇ ਵਿਵਾਦ ਸਾਹਮਣੇ ਆਏ ਅਤੇ ਪੁਲਿਸ ਵੱਲੋਂ ਗ੍ਰਿਫ਼ਤਾਰੀਆਂ ਵੀ ਕੀਤੀਆਂ ਗਈਆਂ, ਤਾਂ ਉਹ ਆਪਣਾ ਹੀ ਮਾਪਦੰਡ ਲਾਗੂ ਕਰਨ ਤੋਂ ਕਿਉਂ ਬਚ ਰਹੇ ਹਨ ?

ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਨੂੰ ਇਹ ਵੀ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਕਰਨਾਟਕ, ਝਾਰਖੰਡ ਅਤੇ ਹੋਰ ਉਹਨਾਂ ਰਾਜਾਂ ਵਿੱਚ, ਜਿੱਥੇ ਕਾਂਗਰਸ ਜਾਂ ਉਸ ਦੀ ਭਾਈਵਾਲ ਸਰਕਾਰਾਂ ਦੌਰਾਨ ਪੇਪਰ ਲੀਕ ਦੇ ਮਾਮਲੇ ਸਾਹਮਣੇ ਆਏ, ਉੱਥੇ ਹੁਣ ਤੱਕ ਕਿੰਨੇ ਮੰਤਰੀਆਂ ਜਾਂ ਜ਼ਿੰਮੇਵਾਰ ਅਧਿਕਾਰੀਆਂ ਤੋਂ ਅਸਤੀਫ਼ੇ ਲਏ ਗਏ ? ਉਨ੍ਹਾਂ ਇਹ ਵੀ ਯਾਦ ਦਿਵਾਇਆ ਕਿ ਰਾਜਸਥਾਨ ਵਿੱਚ ਕਾਂਗਰਸ ਦੀ ਅਸ਼ੋਕ ਗਹਿਲੋਤ ਸਰਕਾਰ ਦੇ ਸਮੇਂ ਪੇਪਰ ਲੀਕ ਦੀਆਂ ਘਟਨਾਵਾਂ ਬਾਰੇ ਪਾਰਟੀ ਦੇ ਆਪਣੇ ਆਗੂ ਪ੍ਰਿਅੰਕਾ ਗਾਂਧੀ ਵੀ ਜਨਤਕ ਤੌਰ 'ਤੇ ਟਿੱਪਣੀਆਂ ਕਰ ਚੁੱਕੇ ਹਨ। ਪ੍ਰੋ. ਖਿਆਲਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਨੇ ਪੇਪਰ ਲੀਕ ਨੂੰ ਸਿਰਫ਼ ਰਾਜਨੀਤਿਕ ਮੁੱਦਾ ਨਹੀਂ, ਸਗੋਂ ਲੱਖਾਂ ਨੌਜਵਾਨਾਂ ਦੇ ਭਵਿੱਖ ਨਾਲ ਜੁੜਿਆ ਗੰਭੀਰ ਅਪਰਾਧ ਮੰਨਿਆ ਹੈ। ਇਸੇ ਦ੍ਰਿਸ਼ਟੀ ਨਾਲ ਦੋਸ਼ੀਆਂ ਖ਼ਿਲਾਫ਼ ਕਾਰਵਾਈ ਕੀਤੀ ਗਈ, ਪ੍ਰੀਖਿਆ ਪ੍ਰਣਾਲੀ ਵਿੱਚ ਸੁਧਾਰ ਲਈ ਕਦਮ ਚੁੱਕੇ ਗਏ ਅਤੇ ਪੇਪਰ ਲੀਕ ਵਰਗੇ ਅਪਰਾਧਾਂ ਲਈ ਸਖ਼ਤ ਕਾਨੂੰਨੀ ਪ੍ਰਬੰਧ ਕਰਨ ਦਾ ਫ਼ੈਸਲਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਾਰਦਰਸ਼ੀ ਪ੍ਰੀਖਿਆ ਪ੍ਰਣਾਲੀ ਅਤੇ ਸਮੇਂ-ਬੱਧ ਨਿਆਂ ਯਕੀਨੀ ਬਣਾਉਣ ਲਈ ਕਾਨੂੰਨੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੇਪਰ ਲੀਕ ਸਿਰਫ਼ ਕਾਨੂੰਨੀ ਉਲੰਘਣਾ ਨਹੀਂ, ਸਗੋਂ ਲੱਖਾਂ ਮਿਹਨਤੀ ਨੌਜਵਾਨਾਂ ਦੇ ਸੁਪਨਿਆਂ 'ਤੇ ਸਿੱਧਾ ਹਮਲਾ ਹੈ। ਇਸ ਲਈ ਭਾਜਪਾ ਦੀ ਨੀਤੀ ਬਿਲਕੁਲ ਸਪੱਸ਼ਟ ਹੈ ਕਿ ਪ੍ਰੀਖਿਆਵਾਂ ਵਿੱਚ ਧੋਖਾਧੜੀ ਕਰਨ ਵਾਲੇ ਕਿਸੇ ਵੀ ਵਿਅਕਤੀ, ਗਿਰੋਹ ਜਾਂ ਸਰਪ੍ਰਸਤ ਨੂੰ ਕਿਸੇ ਵੀ ਕੀਮਤ 'ਤੇ ਬਖ਼ਿਸ਼ਆ ਨਹੀਂ ਜਾਣਾ ਚਾਹੀਦਾ।

ਰਾਹੁਲ ਗਾਂਧੀ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ "ਭਾਰਤ ਦਾ ਅਤੀਤ" ਕਹਿਣ ਬਾਰੇ ਪ੍ਰਤੀਕਿਰਿਆ ਦਿੰਦਿਆਂ ਪ੍ਰੋ. ਖਿਆਲਾ ਨੇ ਕਿਹਾ ਕਿ ਇਹ ਬਿਆਨ ਲੋਕਾਂ ਦੇ ਜਨਮਤ ਦਾ ਵੀ ਅਪਮਾਨ ਹੈ। ਉਨ੍ਹਾਂ ਕਿਹਾ ਕਿ ਡਿਜ਼ੀਟਲ ਇੰਡੀਆ, ਸਟਾਰਟਅੱਪ ਇੰਡੀਆ, ਸਕਿੱਲ ਇੰਡੀਆ, ਬੁਨਿਆਦੀ ਢਾਂਚੇ ਦਾ ਵਿਸਥਾਰ, ਰਾਸ਼ਟਰੀ ਸੁਰੱਖਿਆ ਅਤੇ ਵਿਸ਼ਵ ਪੱਧਰ 'ਤੇ ਭਾਰਤ ਦੀ ਵਧੀ ਹੋਈ ਸਾਖ ਇਸ ਗੱਲ ਦਾ ਸਬੂਤ ਹੈ ਕਿ ਦੇਸ਼ ਭਵਿੱਖ ਵੱਲ ਅੱਗੇ ਵੱਧ ਰਿਹਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਨੌਜਵਾਨਾਂ ਦੇ ਭਵਿੱਖ ਨੂੰ ਵੋਟਾਂ ਦੀ ਰਾਜਨੀਤੀ ਦਾ ਸਾਧਨ ਬਣਾਉਣ ਦੀ ਬਜਾਏ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਸਿੱਖਿਆ ਸੁਧਾਰ, ਪਾਰਦਰਸ਼ੀ ਭਰਤੀ ਪ੍ਰਣਾਲੀ, ਹੁਨਰ ਵਿਕਾਸ ਅਤੇ ਰੁਜ਼ਗਾਰ ਦੇ ਮੌਕਿਆਂ ਬਾਰੇ ਰਚਨਾਤਮਿਕ ਸੁਝਾਅ ਦੇਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਲੋਕਤੰਤਰੀ ਸੰਸਥਾਵਾਂ ਅਤੇ ਜਾਂਚ ਏਜੰਸੀਆਂ 'ਤੇ ਬਿਨਾਂ ਸਬੂਤ ਦੋਸ਼ ਲਗਾਉਣਾ ਲੋਕਤੰਤਰ ਨੂੰ ਮਜ਼ਬੂਤ ਨਹੀਂ, ਕਮਜ਼ੋਰ ਕਰਦਾ ਹੈ।

ਅੰਤ ਵਿੱਚ ਪ੍ਰੋ. ਖਿਆਲਾ ਨੇ ਕਿਹਾ ਕਿ ਭਾਰਤ ਦਾ ਭਵਿੱਖ ਨਿਰਾਸ਼ਾ, ਭਰਮ ਅਤੇ ਟਕਰਾਅ ਨਾਲ ਨਹੀਂ, ਸਗੋਂ ਵਿਕਾਸ, ਸੁਸ਼ਾਸਨ, ਰਾਸ਼ਟਰ ਹਿੱਤ, ਪਾਰਦਰਸ਼ਤਾ ਅਤੇ ਨੌਜਵਾਨਾਂ ਦੀ ਯੋਗਤਾ 'ਤੇ ਵਿਸ਼ਵਾਸ ਨਾਲ ਬਣੇਗਾ। ਉਨ੍ਹਾਂ ਰਾਹੁਲ ਗਾਂਧੀ, ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਨੂੰ ਅਪੀਲ ਕੀਤੀ ਕਿ ਉਹ ਨੌਜਵਾਨਾਂ ਦੇ ਭਵਿੱਖ ਨੂੰ ਰਾਜਨੀਤਿਕ ਹਥਿਆਰ ਬਣਾਉਣ ਦੀ ਬਜਾਏ ਤੱਥਾਂ, ਜਵਾਬਦੇਹੀ ਅਤੇ ਲੋਕਤੰਤਰੀ ਸੰਸਥਾਵਾਂ ਦਾ ਸਨਮਾਨ ਕਰਨ।

### ਬਾਬਾ ਬਕਾਲਾ ਸਾਹਿਬ ਵਿਖੇ

# ਮੈਗਜ਼ੀਨ 'ਹੁਣ' ਦਾ 53ਵਾਂ ਅੰਕ ਲੋਕ ਅਰਪਿਤ



**ਬਾਬਾ ਬਕਾਲਾ ਸਾਹਿਬ 25 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਇੱਥੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਸਥਾਪਿਤ ਪ੍ਰਿਥੀਪਾਲ ਸਿੰਘ ਅਠੌਲਾ ਯਾਦਗਾਰੀ ਲਾਇਬਰੇਰੀ, ਬਾਬਾ ਬਕਾਲਾ ਸਾਹਿਬ ਵਿਖੇ ਸੁਸ਼ੀਲ ਦੁਸਾਂਝ ਅਤੇ ਕਮਲ ਦੁਸਾਂਝ ਦੀ ਸੰਪਾਦਨਾ ਹੇਠ ਪ੍ਰਕਾਸਿਤ ਕੀਤੇ ਜਾਣ ਵਾਲੇ ਪੰਜਾਬੀ ਜ਼ੁਬਾਨ ਦੇ ਪ੍ਰਮੁੱਖ ਮੈਗਜ਼ੀਨ 'ਹੁਣ' ਦਾ 53ਵਾਂ ਅੰਕ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਸ੍ਰੀ ਦਰਸ਼ਨ ਬੁੱਟਰ ਨੇ ਲੋਕ ਅਰਪਿਤ ਕੀਤਾ । ਇਸ ਮੌਕੇ ਦਰਸ਼ਨ ਬੁੱਟਰ ਨੇ ਕਿਹਾ ਕਿ "ਹੁਣ" ਨੇ ਅਜੋਕੇ ਪੰਜਾਬੀ ਸਾਹਿਤ ਅਤੇ ਸਭਿਆਚਰਕ ਦੀ ਪ੍ਰਤੀਨਿਧਤਾ ਕਰਦਿਆਂ ਵਿਲੱਖਣ ਪੈੜਾਂ ਪਾਈਆਂ ਹਨ, ਜਿਸ ਲਈ ਦੁਸਾਂਝ ਜੋੜੀ ਮੁਬਾਰਕਬਾਦ ਦੀ ਹੱਕਦਾਰ ਹੈ । ਇਸ ਮੌਕੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਕਿਹਾ ਕਿ ਸੁਸ਼ੀਲ਼ ਦੁਸਾਂਝ ਹੋਰਾਂ ਦੀ 'ਹੁਣ' ਵਿਚਲੀ ਬੇਬਾਕ ਸੰਪਾਦਕੀ ਲਾਜਵਾਬ ਹੈ ਕਿ ਅਸੀਂ ਉਨ੍ਹਾਂ ਸ਼ਬਦਾਂ ਦੀ ਤਲਾਸ਼ ਵਿੱਚ ਹਾਂ ਜਿੰਨ੍ਹਾਂ ਵਿੱਚ ਭਾਸ਼ਾ ਨਾਲੋਂ ਵੱਧ ਜ਼ਮੀਰ, ਵਿਚਾਰ ਨਾਲੋਂ ਵੱਧ ਮਨੁੱਖ ਅਤੇ ਸਮੇਂ ਦੇ ਸ਼ੋਰ ਨਾਲੋਂ ਵੱਧ ਉਸਦੀ ਨਬਜ਼ ਸੁਣਾਈ ਦਿੰਦੀ ਹੋਵੇ । ਇਸ ਮੌਕੇ ਸੁਸ਼ੀਲ ਦੁਸਾਂਝ ਹੋਰਾਂ ਕੁਝ 'ਹੁਣ' ਦੇ ਨਵੇਂ ਮੈਗਜ਼ੀਨ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੀ ਲਾਇਬਰੇਰੀ ਲਈ ਭੇਟ ਕੀਤੇ । ਇਸ ਮੌਕੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਬਲਵਿੰਦਰ ਸਿੰਘ ਅਠੌਲਾ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਡਾ: ਕੁਲਵੰਤ ਸਿੰਘ ਬਾਠ, ਨਵਦੀਪ ਸਿੰਘ ਬਦੇਸ਼ਾ, ਸੁਖਦੇਵ ਸਿੰਘ ਭੁੱਲਰ, ਸੂਬੇਦਾਰ ਹਰਜੀਤ ਸਿੰਘ, ਸਰਬਜੀਤ ਸਿੰਘ ਪੱਡਾ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਕੂਲੀ ਬੱਚਿਆਂ ਦੇ ਸ਼ਤਰੰਜ ਮੁਕਾਬਲੇ ਕਰਵਾਏ



ਫ਼ਿਰੋਜ਼ਪੁਰ, 25 ਜੁਲਾਈ (ਮਨੋਹਰ ਲਾਲ) :— ਫਿਰੋਜ਼ਪੁਰ ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਬੱਚਿਆਂ ਦੇ ਕਰਵਾਏ ਸ਼ਤਰੰਜ ਮੁਕਾਬਲੇ। ਇਨ੍ਹਾਂ ਮੁਕਾਬਲਿਆਂ ਦੀ ਅਗਵਾਈ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਵੱਲੋਂ ਕੀਤੀ ਗਈ ਅਤੇ ਬੱਚਿਆਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ ਗਈ। ਅੰਤਰਰਾਸ਼ਟਰੀ ਸ਼ਤਰੰਜ ਦਿਵਸ ਮੌਕੇ ਸਕੂਲ ਨੇ ਵਿਦਿਆਰਥੀਆਂ ਵਿੱਚ ਰਣਨੀਤਕ ਸੋਚ, ਸਬਰ ਅਤੇ ਖੇਡ ਭਾਵਨਾ ਨੂੰ ਉਤਸ਼ਾਹਿਤ ਕਰਨ ਲਈ ਇੱਕ ਸ਼ਤਰੰਜ ਮੈਚ ਦਾ ਆਯੋਜਨ ਕੀਤਾ। ਨੌਜਵਾਨ ਦਿਮਾਗਾਂ ਨੇ ਇਕਾਗਰਤਾ ਅਤੇ ਸਟੀਕ ਚਾਲਾਂ ਨਾਲ ਮੁਕਾਬਲਾ ਕੀਤਾ ਅਤੇ ਇਸ ਦਿਲਚਸਪ ਖੇਡ ਵਿੱਚ ਪਹਿਲਾ ਸਥਾਨ ਅਰਪਨਜੋਤ ਕੌਰ, ਦੂਜਾ ਸਥਾਨ ਸਹਿਜਪ੍ਰੀਤ ਸਿੰਘ ਅਤੇ ਤੀਜਾ ਸਥਾਨ ਪਰਾਦੀਪ ਸਿੰਘ ਨੂੰ ਮਿਲਿਆ। ਸਕੂਲ ਦੀ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਪ੍ਰਿੰਸੀਪਲ ਰੇਖਾ ਪਾਸੀ ਨੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਸਾਰੇ ਭਾਗੀਦਾਰਾਂ ਦੀ ਅਨੁਸ਼ਾਸਨ ਅਤੇ ਸ਼ਾਨਦਾਰ ਖੇਡ ਮੁਕਾਬਲੇ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਸਿੱਖਣ ਅਤੇ ਇਕਾਗਰਤਾ ਅਤੇ ਫੈਸਲਾ ਲੈਣ ਦੇ ਹੁਨਰ ਵਿਕਸਤ ਕਰਨ ਲਈ ਸ਼ਤਰੰਜ ਦੀ ਵਰਤੋਂ ਕਰਨ ਲਈ ਉਤਸ਼ਾਹਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਇਮਾਨਦਾਰੀ ਦੀ ਮਿਸਾਲ ਦਿੰਦਿਆਂ ਗੁੰਮਸ਼ੁਦਾ ਪਰਸ ਦੇ ਮਾਲਕਾਂ ਨੂੰ ਪਹੁੰਚਾਇਆ ਪਰਚ



**ਫ਼ਿਰੋਜ਼ਪੁਰ, 25 ਜੁਲਾਈ (ਮਨੋਹਰ ਲਾਲ) :—** ਇਮਾਨਦਾਰੀ ਦੀ ਮਿਸਾਲ ਦਿੰਦਿਆਂ ਫ਼ਿਰੋਜ਼ਪੁਰ ਦੇ ਸੀਨੀਅਰ ਸਿਟੀਜਨ ਨੇ ਗੁੰਮਸ਼ੁਦਾ ਪਰਸ ਦੇ ਅਸਲ ਮਾਲਕ ਦੀ ਭਾਲ ਕਰਕੇ ਉਸ ਨੂੰ ਵਾਪਸ ਕੀਤਾ ਉਸਦਾ ਬਟੂਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਆਗੂਆਂ ਨੇ ਦੱਸਿਆ ਕਿ ਸਮਰਪਿਤ ਐਨ.ਜੀ.ਓ ਕੋਆਰਡੀਨੇਸ਼ਨ ਦੇ ਸ੍ਰੀ ਰਾਮ ਕਿਸ਼ੋਰ ਨੂੰ ਗੁਰੂ ਰਾਮ ਲਾਲ ਗੁਰਦੁਆਰਾ ਸਾਹਿਬ ਦੇ ਨੇੜੇ ਇਕ ਬਟੂਆ ਮਿਲਿਆ ਸੀ, ਜਿਸ ਵਿਚ ਕੁਝ ਨਕਦੀ ਅਤੇ ਬਹੁਤ ਜ਼ਰੂਰੀ ਦਸਤਾਵੇਜ਼ ਸਨ। ਉਨ੍ਹਾਂ ਆਪਣੀ ਜ਼ਿੰਮੇਵਾਰੀ ਅਤੇ ਨਾਗਰਿਕਤਾ ਦੀ ਬਿਹਤਰੀਨ ਮਿਸਾਲ ਪੇਸ਼ ਕਰਦੇ ਹੋਏ ਸ੍ਰੀ ਰਾਮ ਕਿਸ਼ੋਰ ਨੇ ਖੁਦ ਕੋਸ਼ਿਸ਼ ਕਰਕੇ ਬਟੂਏ ਦੇ ਅਸਲ ਮਾਲਕ ਦੀ ਭਾਲ ਕੀਤੀ ਅਤੇ ਉਨ੍ਹਾਂ ਨੂੰ ਸਾਰਾ ਸਮਾਨ ਪੂਰੀ ਸੁਰੱਖਿਆ ਅਤੇ ਇਮਾਨਦਾਰੀ ਨਾਲ ਵਾਪਸ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਸ਼ੇਰ ਹਸਪਤਾਲ ਡ੍ਰੀਮ ਸਿਟੀ ਨੇੜੇ ਬੈਸਟ ਪ੍ਰਾਈਜ਼ ਮਾਨਾਂਵਾਲਾ ਵਿੱਖੇ ਫ੍ਰੀ ਚੈਕਅੱਪ ਕੈਪ, 13 ਅਗਸਤ ਤੱਕ



ਚੌਕ ਮਹਿਤਾ, 25 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)-ਗੁਰਸ਼ੇਰ ਹਸਪਤਾਲ ਡ੍ਰੀਮ ਸਿਟੀ ਨੇੜੇ ਬੈਸਟ ਪ੍ਰਾਈਜ਼ ਮਾਨਾਂਵਾਲਾ ਵਿੱਖੇ ਫ੍ਰੀ ਚੈਕਅੱਪ ਕੈਂਪ,13 ਜੁਲਾਈ 2026ਤੋ 13 ਅਗਸਤ 2026 ਤੱਕ ਸਵੇਰੇ ਤੱਕ ਚੱਲ ਰਿਹਾ ਹੈ। ਇਹ ਕੈਂਪ 11 ਵਜੇ ਤੋਂ 3 ਵਜੇ ਤੱਕ ਇੱਕ ਮਹੀਨਾ ਲਗਾਇਆ ਜਾ ਰਿਹਾ ਹੈ। ਇਸ ਕੈਂਪ ਵਿੱਚ ਮੈਡੀਸਿਨ ਦੇ ਸਪੈਸ਼ਿਲਸਟ ਡਾਕਟਰ ਚੈਕਅੱਪ ਕਰਨਗੇ । ਇਸ ਮੌਕੇ ਡਾਕਟਰ ਅਨੁਪਮਾ ਸ਼ਰਮਾ ਐਮ ਬੀ ਬੀ ਐਸ ਐਮ ਡੀ ਮੈਡੀਸਿਨ ਡਾਕਟਰ ਬੀਮਾਰੀਆਂ ਦਾ ਚੈਪਅੱਪ ਜਿਸ ਤਰ੍ਹਾਂ ਸ਼ੂਗਰ, ਬਲੱਡ ਪਰੈਸ਼ਰ,ਦਿਲ ਦੀਆਂ ਬੀਮਾਰੀਆਂ,ਥਾਇਰਡ,ਜੌੜ ਅਤੇ ਗੰਠੀਆਂ,ਪੇਟ ਅਤੇ ਜਿਗਰ ਦੀਆਂ ਬੀਮਾਰੀਆਂ, ਅਧਰੰਗ ਅਤੇ ਪੇਟ ਦੇ ਰੋਗ ਇਹ ਸਾਰੇ ਮਰੀਜ਼ਾਂ ਦਾ ਫ੍ਰੀ ਚੈਕਅੱਪ ਕੀਤਾ ਜਾਵੇਗਾ।ਸਾਰੇ ਬਲੱਡ ਟੈਸਟ ਅੱਧੇ ਰੇਟਾਂ ਤੇ ਹੋਣਗੇ।ਈ ਸੀ ਜੀ ਸਿਰਫ਼ ਪੰਜਾਹ ਰੁਪਏ ਹੋਵੇਗੀ। ਸਮੂਹ ਇਲਾਕਾ ਨਿਵਾਸੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਲੋੜਵੰਦ ਇਸ ਕੈਂਪ ਦਾ ਲਾਭ ਲੈਣ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਬਠਿੰਡਾ ਦੇ ਸਕੂਲਾਂ ਦੀਆਂ ਕੰਧਾਂ 'ਤੇ ਖਾਲਿਸਤਾਨੀ ਨਾਅਰੇ

# 15 ਅਗਸਤ ਤੋਂ ਪਹਿਲਾਂ ਐੱਸਐੱਫਜੇ ਦੀ ਵੱਖਵਾਦੀ ਮੁਹਿੰਮ ਤੇਜ਼




**ਨਵੀਂ ਦਿੱਲੀ 25 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- 15 ਅਗਸਤ ਤੋਂ ਪਹਿਲਾਂ ਪੰਜਾਬ ਵਿੱਚ ਮਾਹੌਲ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਦੇ ਦਰਮਿਆਨ ਪਾਬੰਦੀਸ਼ੁਦਾ ਵੱਖਵਾਦੀ ਜਥੇਬੰਦੀ ਸਿੱਖਸ ਫ਼ਾਰ ਜਸਟਿਸ (ਐੱਸਐੱਫਜੇ) ਨੇ ਬਠਿੰਡਾ ਦੇ ਦੋ ਸਕੂਲਾਂ ਦੀਆਂ ਕੰਧਾਂ 'ਤੇ ਖਾਲਿਸਤਾਨ ਹੱਕ ਵਿੱਚ ਨਾਅਰੇ ਲਿਖੇ ਜਾਣ ਦੀਆਂ ਵੀਡੀਓਜ਼ ਜਾਰੀ ਕੀਤੀਆਂ ਹਨ। ਇਹ ਨਾਅਰੇ ਐੱਸਐੱਸਡੀ ਮੰਗਤ ਰਾਮ ਮਿੱਤਲ ਸੈਕੰਡਰੀ ਸਕੂਲ ਅਤੇ ਸਰਕਾਰੀ ਮਿਡਲ ਸੈਕੰਡਰੀ ਸਕੂਲ, ਢੋਬੀਆਣਾ ਬਸਤੀ ਦੀਆਂ ਕੰਧਾਂ 'ਤੇ ਲਿਖੇ ਦਿਖਾਏ ਗਏ ਹਨ। ਕੰਧਾਂ 'ਤੇ "15 ਅਗਸਤ ਸਿੱਖਾਂ ਲਈ ਆਜ਼ਾਦੀ ਦਿਵਸ ਨਹੀਂ ਹੈ" ਅਤੇ "ਪੰਜਾਬ ਹੀ ਖਾਲਿਸਤਾਨ ਹੈ" ਵਰਗੇ ਨਾਅਰੇ ਲਿਖੇ ਗਏ ਹਨ। ਐੱਸਐੱਫਜੇ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਨੇ ਇੱਕ ਵੀਡੀਓ ਸੰਦੇਸ਼ ਜਾਰੀ ਕਰਦਿਆਂ ਪੰਜਾਬ ਦੇ ਸਕੂਲੀ ਅਤੇ ਕਾਲਜੀ ਵਿਦਿਆਰਥੀਆਂ ਨੂੰ 15 ਅਗਸਤ ਦੇ ਸਮਾਗਮਾਂ ਦਾ ਬਾਈਕਾਟ ਕਰਨ, ਤਿਰੰਗਾ ਨਾ ਲਹਿਰਾਉਣ ਅਤੇ ਨਾ ਹੀ ਉਸ ਨੂੰ ਸਲਾਮ ਕਰਨ ਦੀ ਅਪੀਲ ਕੀਤੀ ਹੈ। ਉਸ ਨੇ ਵਿਦਿਆਰਥੀਆਂ ਨੂੰ 16 ਅਗਸਤ ਨੂੰ ਅਮਰੀਕਾ ਦੇ ਇੰਡੀਆਨਾਪੋਲਿਸ ਵਿੱਚ ਕਰਵਾਏ ਜਾ ਰਹੇ ਕਥਿਤ "ਖਾਲਿਸਤਾਨ ਰੈਫਰੈਂਡਮ" ਦੇ ਹੱਕ ਵਿੱਚ ਸੋਸ਼ਲ ਮੀਡੀਆ ਰਾਹੀਂ ਮੁਹਿੰਮ ਚਲਾਉਣ ਦੀ ਵੀ ਅਪੀਲ ਕੀਤੀ ਹੈ। ਆਪਣੇ ਸੰਦੇਸ਼ ਵਿੱਚ ਪੰਨੂ ਨੇ ਜੂਨ 1984 ਦੀਆਂ ਘਟਨਾਵਾਂ ਦਾ ਹਵਾਲਾ ਦਿੰਦਿਆਂ ਦਾਅਵਾ ਕੀਤਾ ਕਿ ਸ਼ਹੀਦ ਬੀਬੀ ਸਤਨਾਮ ਕੌਰ, ਜਿਨ੍ਹਾਂ ਦੀ ਉਮਰ 8 ਸਾਲ, ਅਤੇ ਸ਼ਹੀਦ ਬੀਬੀ ਵਾਹਿਗੁਰੂ ਕੌਰ, ਜਿਨ੍ਹਾਂ ਦੀ ਉਮਰ 6 ਸਾਲ ਦੱਸੀ ਗਈ, ਨੇ ਦਰਬਾਰ ਸਾਹਿਬ ਕੰਪਲੈਕਸ ਦੀ ਰੱਖਿਆ ਦੌਰਾਨ ਭਾਰਤੀ ਫ਼ੌਜ ਦੇ ਅੱਗੇ ਵਧ ਰਹੇ ਟੈਂਕਾਂ ਸਾਹਮਣੇ ਗ੍ਰਨੇਡਾਂ ਨਾਲ ਮੁਕਾਬਲਾ ਕੀਤਾ ਅਤੇ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ। ਪੰਨੂ ਨੇ ਦਾਅਵਾ ਕੀਤਾ ਕਿ ਉਨ੍ਹਾਂ ਦਾ ਇਹ ਕਥਿਤ ਬਲੀਦਾਨ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਭਾਰਤ ਤੋਂ ਆਜ਼ਾਦੀ ਲਈ ਸੰਘਰਸ਼ ਜਾਰੀ ਰੱਖਣ ਦਾ ਸੁਨੇਹਾ ਦਿੰਦਾ ਹੈ। ਇਸ ਦੇ ਨਾਲ ਹੀ ਪੰਨੂ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਚੇਤਾਵਨੀ ਭਰੇ ਲਹਿਜ਼ੇ ਵਿੱਚ ਸੰਬੋਧਨ ਕਰਦਿਆਂ 15 ਅਗਸਤ ਦੇ ਸਮਾਗਮਾਂ ਬਾਰੇ ਬਿਆਨ ਦਿੱਤਾ। ਇਹ ਵੀਡੀਓ ਅਤੇ ਬਿਆਨ 15 ਅਗਸਤ ਤੋਂ ਪਹਿਲਾਂ ਪੰਜਾਬ ਦੇ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਵਜੋਂ ਦੇਖੇ ਜਾ ਰਹੇ ਹਨ। ਹਾਲਾਂਕਿ, ਪੰਨੂ ਵੱਲੋਂ ਕੀਤੇ ਗਏ ਇਨ੍ਹਾਂ ਦਾਅਵਿਆਂ ਅਤੇ ਇਤਿਹਾਸਕ ਵਰਣਨਾਂ ਦੀ ਸੁਤੰਤਰ ਤੌਰ 'ਤੇ ਪੁਸ਼ਟੀ ਨਹੀਂ ਹੋਈ ਹੈ।

### ਧਰਮੇਂਦਰ ਪ੍ਰਧਾਨ ਦਾ ਅਸਤੀਫ਼ਾ, ਕਾਕਰੋਚ ਜਨਤਾ ਪਾਰਟੀ ਨੇ ਖਤਮ ਕੀਤਾ ਅੰਦੋਲਨ

# ਕਿਹਾ "ਝੁਕਦੀ ਹੈ ਦੁਨੀਆ, ਝੁਕਾਣ ਵਾਲਾ ਚਾਹੀਦਾ"





ਨਵੀਂ ਦਿੱਲੀ 25 ਜੁਲਾਈ (ਮਨਪ੍ਰੀਤ ਸਿੰਘ ਖਾਲਸਾ): ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਤੋਂ ਬਾਅਦ ਦਿੱਲੀ ਦੇ ਜੰਤਰ-ਮੰਤਰ 'ਤੇ 36 ਦਿਨਾਂ ਤੋਂ ਚੱਲ ਰਿਹਾ ਕਾਕਰੋਚ ਜਨਤਾ ਪਾਰਟੀ (ਸੀਜੇਪੀ) ਦਾ ਅੰਦੋਲਨ ਆਖ਼ਰਕਾਰ ਸਮਾਪਤ ਹੋ ਗਿਆ। ਪ੍ਰਧਾਨ ਦੇ ਅਸਤੀਫ਼ੇ ਤੋਂ ਬਾਅਦ ਸੀਜੇਪੀ ਨੇ ਜਸ਼ਨ ਮਨਾਉਂਦਿਆਂ ਕਿਹਾ, "ਝੁਕਦੀ ਹੈ ਦੁਨੀਆ, ਝੁਕਾਣ ਵਾਲਾ ਚਾਹੀਦਾ। ਇਹ ਜਿੱਤ ਉਨ੍ਹਾਂ ਬੱਚਿਆਂ ਨੂੰ ਸਮਰਪਿਤ ਹੈ ਜਿਨ੍ਹਾਂ ਨੇ ਆਪਣੀ ਜਾਨ ਗੁਆਈ।" ਇਸ ਦੇ ਨਾਲ ਹੀ ਪਾਰਟੀ ਨੇ ਆਪਣੇ ਸੋਸ਼ਲ ਮੀਡੀਆ 'ਤੇ ਪੋਸਟ ਕਰਦਿਆਂ ਲਿਖਿਆ, "ਕਾਕਰੋਚ ਜਿੱਤ ਗਏ, ਲੋਕਤੰਤਰ ਜਿੱਤ ਗਿਆ।÷

ਹਾਲਾਂਕਿ ਅਸਤੀਫ਼ੇ ਦੇ ਐਲਾਨ ਤੋਂ ਕੁਝ ਸਮੇਂ ਬਾਅਦ ਜੰਤਰ-ਮੰਤਰ ਇਲਾਕੇ ਵਿੱਚ ਤਣਾਅ ਵੀ ਪੈਦਾ ਹੋ ਗਿਆ। ਪੱਥਰਬਾਜ਼ੀ ਦੀਆਂ ਘਟਨਾਵਾਂ ਤੋਂ ਬਾਅਦ ਸੁਰੱਖਿਆ ਬਲਾਂ ਨੇ ਭੀੜ ਨੂੰ ਖਿੰਡਾਉਣ ਲਈ ਅੱਥਰੂ ਗੈਸ ਦੇ ਗੋਲੇ ਛੱਡੇ ਅਤੇ ਹਲਕਾ ਲਾਠੀਚਾਰਜ ਵੀ ਕੀਤਾ। ਇਸ ਤੋਂ ਬਾਅਦ ਇਲਾਕੇ ਵਿੱਚ ਸੁਰੱਖਿਆ ਹੋਰ ਸਖ਼ਤ ਕਰ ਦਿੱਤੀ ਗਈ। ਇਸੇ ਦੌਰਾਨ ਸ਼ਨੀਵਾਰ ਨੂੰ ਕੇਂਦਰ ਸਰਕਾਰ ਅਤੇ ਕਾਕਰੋਚ ਜਨਤਾ ਪਾਰਟੀ ਦੇ ਪ੍ਰਤੀਨਿਧੀਆਂ ਵਿਚਕਾਰ ਸੰਵਿਧਾਨ ਕਲੱਬ ਵਿੱਚ ਇੱਕ ਹੋਰ ਅਹਿਮ ਬੈਠਕ ਹੋਈ। ਸਰਕਾਰ ਵੱਲੋਂ ਕੇਂਦਰੀ ਮੰਤਰੀ ਜੇ.ਪੀ. ਨੱਡਾ ਅਤੇ ਜਿਤੇਂਦਰ ਸਿੰਘ ਨੇ ਗੱਲਬਾਤ ਕੀਤੀ, ਜਦਕਿ ਕਾਕਰੋਚ ਜਨਤਾ ਪਾਰਟੀ ਵੱਲੋਂ ਮੁੱਖ ਬੁਲਾਰੇ ਸੌਰਵ ਦਾਸ ਅਤੇ ਰਾਸ਼ਟਰੀ ਬੁਲਾਰੇ ਆਸ਼ੂਤੋਸ਼ ਰਾਂਕਾ ਨੇ ਹਿੱਸਾ ਲਿਆ। ਤਿੰਨ ਦੌਰ ਦੀ ਗੱਲਬਾਤ ਤੋਂ ਬਾਅਦ ਪਾਰਟੀ ਨੇ ਪ੍ਰੈੱਸ ਕਾਨਫ਼ਰੰਸ ਕਰਕੇ ਐਲਾਨ ਕੀਤਾ ਕਿ ਸਰਕਾਰ ਨੇ ਉਨ੍ਹਾਂ ਦੀਆਂ ਸਾਰੀਆਂ ਮੰਗਾਂ ਮੰਨ ਲਈਆਂ ਹਨ, ਜਿਸ ਕਾਰਨ ਉਹ ਆਪਣਾ ਅੰਦੋਲਨ ਵਾਪਸ ਲੈ ਰਹੇ ਹਨ। ਆਸ਼ੂਤੋਸ਼ ਰਾਂਕਾ ਨੇ ਕਿਹਾ ਕਿ ਉਨ੍ਹਾਂ ਦੀ ਪਹਿਲੀ ਮੰਗ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਦੀ ਸੀ, ਜੋ ਪੂਰੀ ਹੋ ਚੁੱਕੀ ਹੈ। ਦੂਜੀ ਮੰਗ ਪ੍ਰਦਰਸ਼ਨਕਾਰੀਆਂ ਅਤੇ ਆਯੋਜਕਾਂ ਖ਼ਿਲਾਫ਼ ਦਰਜ ਸਾਰੇ ਕੇਸ ਅਤੇ ਐੱਫ਼.ਆਈ.ਆਰ. ਵਾਪਸ ਲੈਣ ਦੀ ਸੀ ਅਤੇ ਭਵਿੱਖ ਵਿੱਚ ਕੋਈ ਨਵਾਂ ਮਾਮਲਾ ਦਰਜ ਨਾ ਕਰਨ ਦੀ ਮੰਗ ਵੀ ਸਰਕਾਰ ਨੇ ਸਿਧਾਂਤਕ ਤੌਰ 'ਤੇ ਮੰਨ ਲਈ ਹੈ। ਤੀਜੀ ਮੰਗ ਨੀਟ ਵਿਵਾਦ ਤੋਂ ਬਾਅਦ ਆਪਣੇ ਬੱਚਿਆਂ ਨੂੰ ਗੁਆਉਣ ਵਾਲੇ ਪਰਿਵਾਰਾਂ ਨੂੰ ਇੱਕ-ਇੱਕ ਕਰੋੜ ਰੁਪਏ ਮੁਆਵਜ਼ਾ ਦੇਣ ਦੀ ਸੀ। ਪਾਰਟੀ ਮੁਤਾਬਕ ਸਰਕਾਰ ਨੇ ਭਰੋਸਾ ਦਿੱਤਾ ਹੈ ਕਿ ਬਾਕੀ ਮੰਗਾਂ ਵੀ ਮੰਗਲਵਾਰ ਤੱਕ ਪੂਰੀਆਂ ਕਰ ਦਿੱਤੀਆਂ ਜਾਣਗੀਆਂ। ਅੰਦੋਲਨ ਖ਼ਤਮ ਹੋਣ ਤੋਂ ਬਾਅਦ ਕੇਂਦਰੀ ਮੰਤਰੀ ਜੇ.ਪੀ. ਨੱਡਾ ਅਤੇ ਜਿਤੇਂਦਰ ਸਿੰਘ ਨੇ ਕਾਕਰੋਚ ਜਨਤਾ ਪਾਰਟੀ ਦੇ ਪ੍ਰਤੀਨਿਧੀਆਂ ਨਾਲ ਹੱਥ ਮਿਲਾ ਕੇ ਗੱਲਬਾਤ ਦੇ ਸਫ਼ਲ ਸਮਾਪਨ ਦਾ ਸੰਕੇਤ ਦਿੱਤਾ। ਉੱਧਰ, ਧਰਮੇਂਦਰ ਪ੍ਰਧਾਨ ਨੇ ਦੇਸ਼ ਦੇ ਨੌਜਵਾਨਾਂ ਦੇ ਨਾਮ ਜਾਰੀ ਆਪਣੇ ਭਾਵੁਕ ਪੱਤਰ ਵਿੱਚ ਕਿਹਾ ਕਿ ਉਹ ਪਿਛਲੇ ਚਾਰ ਦਹਾਕਿਆਂ ਤੋਂ ਸਿੱਖਿਆ ਖੇਤਰ ਅਤੇ ਵਿਦਿਆਰਥੀਆਂ ਦੇ ਹਿੱਤਾਂ ਲਈ ਨਿਰੰਤਰ ਕੰਮ ਕਰਦੇ ਰਹੇ ਹਨ। ਉਨ੍ਹਾਂ ਕਿਹਾ ਕਿ ਨੀਟ-ਯੂਜੀ 2026 ਵਿੱਚ ਸਾਹਮਣੇ ਆਈਆਂ ਬੇਨਿਯਮੀਆਂ ਤੋਂ ਬਾਅਦ ਕੇਂਦਰ ਸਰਕਾਰ ਨੇ ਤੁਰੰਤ ਜਾਂਚ ਸੀ.ਬੀ.ਆਈ. ਨੂੰ ਸੌਂਪੀ, ਪ੍ਰੀਖਿਆ ਰੱਦ ਕੀਤੀ ਅਤੇ ਅਗਲੇ ਸਾਲ ਤੋਂ ਕੰਪਿਊਟਰ ਆਧਾਰਿਤ ਪ੍ਰੀਖਿਆ ਪ੍ਰਣਾਲੀ ਲਾਗੂ ਕਰਨ ਦਾ ਫ਼ੈਸਲਾ ਲਿਆ। ਉਨ੍ਹਾਂ ਦੱਸਿਆ ਕਿ ਸ਼ੁਰੂ ਤੋਂ ਹੀ ਉਨ੍ਹਾਂ ਨੇ ਇਸ ਮਾਮਲੇ ਦੀ ਨੈਤਿਕ ਜ਼ਿੰਮੇਵਾਰੀ ਸਵੀਕਾਰ ਕੀਤੀ ਅਤੇ ਇਹ ਯਕੀਨੀ ਬਣਾਉਣ ਦੀ ਕੋਸ਼ਿਸ਼ ਕੀਤੀ ਕਿ ਕਿਸੇ ਵੀ ਹੋਣਹਾਰ ਵਿਦਿਆਰਥੀ ਦਾ ਭਵਿੱਖ ਪ੍ਰਭਾਵਿਤ ਨਾ ਹੋਵੇ। ਪ੍ਰਧਾਨ ਨੇ ਕਿਹਾ ਕਿ ਉਹ ਨਹੀਂ ਚਾਹੁੰਦੇ ਸਨ ਕਿ ਵਿਦਿਆਰਥੀਆਂ ਦਾ ਭਵਿੱਖ ਸਿਆਸੀ ਜਾਂ ਕਾਨੂੰਨੀ ਵਿਵਾਦਾਂ ਵਿੱਚ ਫਸੇ, ਇਸ ਲਈ ਉਨ੍ਹਾਂ ਨੇ ਆਪਣੇ ਅਹੁਦੇ ਤੋਂ ਅਸਤੀਫ਼ਾ ਦੇਣ ਦਾ ਫ਼ੈਸਲਾ ਕੀਤਾ। ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਤੋਂ ਬਾਅਦ ਵਿਰੋਧੀ ਧਿਰ ਨੇ ਇਸ ਨੂੰ ਨੌਜਵਾਨਾਂ ਦੇ ਸੰਘਰਸ਼ ਅਤੇ ਲੋਕਤੰਤਰ ਦੀ ਜਿੱਤ ਕਰਾਰ ਦਿੱਤਾ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਕਿਹਾ ਕਿ ਇਹ ਦੇਸ਼ ਦੀ ਸਿੱਖਿਆ ਪ੍ਰਣਾਲੀ ਨੂੰ ਮੁੜ ਮਜ਼ਬੂਤ ਬਣਾਉਣ ਵੱਲ ਇੱਕ ਅਹਿਮ ਕਦਮ ਹੈ ਅਤੇ ਦੇਸ਼ ਭਰ ਦੇ ਵਿਦਿਆਰਥੀ ਇਸ ਜਿੱਤ ਦੇ ਹੱਕਦਾਰ ਹਨ। ਪ੍ਰਿਯੰਕਾ ਗਾਂਧੀ ਨੇ ਕਿਹਾ ਕਿ ਇਹ ਨੌਜਵਾਨਾਂ ਦੀ ਏਕਤਾ ਅਤੇ ਸੰਘਰਸ਼ ਦੀ ਜਿੱਤ ਹੈ। ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਨੇ ਇਸ ਨੂੰ ਕਰੋੜਾਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਜਿੱਤ ਦੱਸਦਿਆਂ ਕਿਹਾ ਕਿ ਹੁਣ ਸਿੱਖਿਆ ਪ੍ਰਣਾਲੀ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਯਕੀਨੀ ਬਣਾਉਣ ਦੀ ਲੋੜ ਹੈ। ਸ਼ਿਵਸੈਨਾ (ਯੂਬੀਟੀ) ਦੀ ਆਗੂ ਪ੍ਰਿਯੰਕਾ ਚਤੁਰਵੇਦੀ ਨੇ ਕਿਹਾ ਕਿ ਇਹ ਆਪਣੇ ਭਵਿੱਖ ਲਈ ਲੜ ਰਹੇ ਨੌਜਵਾਨਾਂ ਦੀ ਜਿੱਤ ਹੈ, ਜਦਕਿ ਸਮਾਜਿਕ ਕਾਰਕੁਨ ਸੋਨਮ ਵਾਂਗਚੁਕ ਨੇ ਇਸ ਨੂੰ ਲੋਕਤੰਤਰ ਅਤੇ ਸ਼ਾਂਤੀਪੂਰਨ ਜਨ-ਅੰਦੋਲਨ ਦੀ ਤਾਕਤ ਦਾ ਇਤਿਹਾਸਕ ਨਤੀਜਾ ਕਰਾਰ ਦਿੱਤਾ।

# ਡੇਅਰੀਵਾਲ ਦੇ ਵਿਕਾਸ ਲਈ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੂੰ ਮਿਲੇ ਪ੍ਰਧਾਨ ਗੁਰਮੁਖ ਸਿੰਘ ਔਜਲਾ ਤੇ ਸਰਪੰਚ ਪਰਮਿੰਦਰ ਸਿੰਘ



**ਚੌਂਕ ਮਹਿਤਾ, 25 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪ੍ਰਧਾਨ ਗੁਰਮੁਖ ਸਿੰਘ ਔਜਲਾ ਡੇਅਰੀਵਾਲ ਅਤੇ ਪਿੰਡ ਦੇ ਸਰਪੰਚ ਪਰਮਿੰਦਰ ਸਿੰਘ ਡੇਅਰੀਵਾਲ ਨੇ ਲੋਕ ਮਿਲਣੀ ਦੌਰਾਨ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਜਿਸ ਦੌਰਾਨ ਉਨ੍ਹਾਂ ਨੇ ਪਿੰਡ ਡੇਅਰੀਵਾਲ ਵਿੱਚ ਚੱਲ ਰਹੇ ਅਤੇ ਰਹਿੰਦੇ ਵਿਕਾਸ ਕਾਰਜਾਂ ਸਬੰਧੀ ਵਿਸਥਾਰ ਨਾਲ ਚਰਚਾ ਕਰਦਿਆਂ ਲੋਕਾਂ ਦੀਆਂ ਲੋੜਾਂ ਅਤੇ ਮੰਗਾਂ ਤੋਂ ਮੰਤਰੀ ਨੂੰ ਜਾਣੂ ਕਰਵਾਇਆ। ਪ੍ਰਧਾਨ ਗੁਰਮੁਖ ਸਿੰਘ ਔਜਲਾ ਨੇ ਮੰਤਰੀ ਹਰਭਜਨ ਸਿੰਘ ਈ.ਟੀ.ਓ. ਅੱਗੇ ਪਿੰਡ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ, ਰਹਿੰਦੇ ਵਿਕਾਸ ਕਾਰਜਾਂ ਨੂੰ ਜਲਦ ਮਨਜ਼ੂਰੀ ਦੇਣ ਅਤੇ ਲੋਕਾਂ ਨੂੰ ਵਧੀਆ ਸਹੂਲਤਾਂ ਪ੍ਰਦਾਨ ਕਰਨ ਦੀ ਪੁਰਜ਼ੋਰ ਅਪੀਲ ਕੀਤੀ। ਇਸ ਸਮੇਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਪ੍ਰਧਾਨ ਗੁਰਮੁਖ ਸਿੰਘ ਔਜਲਾ ਅਤੇ ਸਰਪੰਚ ਪਰਮਿੰਦਰ ਸਿੰਘ ਵੱਲੋਂ ਪਿੰਡ ਦੇ ਵਿਕਾਸ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਸ਼ਾਬਾਸ਼ੀ ਦਿੱਤੀ। ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਪਿੰਡ ਦੇ ਵਿਕਾਸ ਲਈ ਵਚਨਬੱਧ ਹੈ ਅਤੇ ਲੋਕ ਹਿੱਤ ਨਾਲ ਜੁੜੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਅੱਗੇ ਵਧਾਇਆ ਜਾ ਰਿਹਾ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਡੇਅਰੀਵਾਲ ਪਿੰਡ ਨਾਲ ਸਬੰਧਤ ਜਾਇਜ਼ ਮੰਗਾਂ ਅਤੇ ਰਹਿੰਦੇ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਕੇ ਜਲਦ ਪੂਰਾ ਕਰਨ ਲਈ ਯੋਗ ਕਾਰਵਾਈ ਕੀਤੀ ਜਾਵੇਗੀ। ਇਸ ਮੁਲਾਕਾਤ ਨੂੰ ਪਿੰਡ ਡੇਅਰੀਵਾਲ ਦੇ ਵਿਕਾਸ ਲਈ ਇੱਕ ਸਕਾਰਾਤਮਕ ਕਦਮ ਵਜੋਂ ਦੇਖਿਆ ਜਾ ਰਿਹਾ ਹੈ ਅਤੇ ਸਥਾਨਕ ਲੋਕਾਂ ਨੇ ਵੀ ਇਸ ਤੋਂ ਚੰਗੇ ਨਤੀਜਿਆਂ ਦੀ ਉਮੀਦ ਜਤਾਈ ਹੈ। ਇਸ ਮੌਕੇ ਸਰਪੰਚ ਗੁਰਮੁੱਖ ਸਿੰਘ ਸਰਜਾ,ਪ੍ਰਤਾਪ ਸਿੰਘ ਕੈਰੋਂ, ਬਲਜਿੰਦਰ ਸਿੰਘ ਬੱਗਾ, ਬਚਿੱਤਰ ਸਿੰਘ ਪਿੱਤੂ ਪੀ ਏ, ਮੈਂਬਰ ਲਵਪ੍ਰੀਤ ਸਿੰਘ ਜੋਨੀ ਅਤੇ ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਵਿੰਗ ਸੈਲ ਪੰਜਾਬ ਤੋਂ ਇਲਾਵਾ ਵੱਡੀ ਗਿਣਤੀ ਵਿਚ ਵਰਕਰ ਮੌਜੂਦ ਸਨ।

# ਪਿੰਡ ਧੀਰੇਕੋਟ ਤੋਂ ਕਾਂਗਰਸ ਤੇ ਅਕਾਲੀ ਦਲ ਨੂੰ ਲੱਗਾ ਵੱਡਾ ਝਟਕਾ ਸੈਂਕੜੇ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਸ੍ਰ ਈ.ਟੀ.ਓ



**ਜੰਡਿਆਲਾ ਗੁਰੂ, 25 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਅੱਜ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈਟੀਓ ਜੀ ਦੀ ਅਗਵਾਈ ਹੇਠ ਪਿੰਡ ਧੀਰੇਕੋਟ ਵਿਖੇ ਚੇਅਰਮੈਨ ਅਮਰੀਕ ਸਿੰਘ ਸੋਢੀ ਅਤੇ ਸਰਪੰਚ ਅਮਨਦੀਪ ਸਿੰਘ ਦੀ ਪ੍ਰੇਰਣਾ ਸਦਕਾ ਪਿੰਡ ਧੀਰੇਕੋਟ ਤੋ ਸਾਬਕਾ ਸਰਪੰਚ ਸੁਖਦੇਵ ਸਿੰਘ, ਮਜੂਦਾ ਮੈਂਬਰ ਪੰਚਾਇਤ ਰਜਿੰਦਰ ਸਿੰਘ ਰਾਜੂ, ਜਤਿੰਦਰ ਸਿੰਘ ਮੈਂਬਰ, ਬਲਜੀਤ ਸਿੰਘ ਮੈਂਬਰ, ਬਖਸੀਸ ਸਿੰਘ ਮੈਂਬਰ ਅਤੇ ਯੂਥ ਆਗੂ ਪਰਦੀਪ ਸਿੰਘ, ਕਰਨਦੀਪ ਸਿੰਘ, ਬਲਰਾਜ ਸਿੰਘ, ਲਵਦੀਪ ਸਿੰਘ, ਬਲਜੀਤ ਸਿੰਘ, ਦਿਲਬਾਗ ਸਿੰਘ, ਸਾਹਿਲ, ਗੁਰਪ੍ਰੀਤ ਸਿੰਘ, ਰਵਿੰਦਰਜੀਤ ਸਿੰਘ,ਮਨਿੰਦਰਜੀਤ ਸਿੰਘ ਆਪਣੇ ਸੈਂਕੜੇ ਸਾਥੀਆਂ ਸਮੇਤ ਅਕਾਲੀ ਦਲ ਅਤੇ ਕਾਂਗਰਸ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ । ਇਸ ਮੌਕੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਭਗਵਾਨਸਰ ਅਤੇ ਧੀਰੇਕੋਟ ਦੇ ਸੈਂਕੜੇ ਪਰਿਵਾਰ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸ਼ਾਮਲ ਹੋਏ ਹਨ । ਇਸ ਮੌਕੇ ਲੋਕ ਨਿਰਮਾਣ ਮੰਤਰੀ ਨੇ ਉਨ੍ਹਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਭਰ ਦੇ ਸੂਝਵਾਨ ਵੋਟਰ ਆਮ ਆਦਮੀ ਪਾਰਟੀ ਵਿੱਚ ਸਾਮਲ ਹੋ ਰਹੇ ਹਨ ਅਤੇ ਅੱਜ ਇਨਾਂ ਪ੍ਰੀਵਾਰਾਂ ਦਾ ਪਾਰਟੀ ਵਿੱਚ ਸਾਮਲ ਹੋਣਾ ਪੰਜਾਬ ਵਾਸੀਆਂ ਨੂੰ ਉਤਸਾਹਿਤ ਕਰਦਾ ਹੈ ਅਤੇ ਇਨਾਂ ਦੇ ਸਹਿਯੋਗ ਨਾਲ ਪੰਜਾਬ ਨੂੰ ਹੋਰ ਵਿਕਸਤ ਅਤੇ ਖੁਸ਼ਹਾਲ ਬਣਾਉਣ ਦੇ ਯਤਨਾਂ ਨੂੰ ਹੋਰ ਬਲ ਮਿਲੇਗਾ। ਇਸ ਮੌਕੇ ਚੇਅਰਮੈਨ ਅਮਰੀਕ ਸਿੰਘ ਸੋਢੀ ਨੇ ਕਿਹਾ ਕਿ ਹਲਕਾ ਜੰਡਿਆਲਾ ਗੁਰੂ ਦਾ ਅਤੇ ਸਹਿਰ ਜੰਡਿਆਲਾ ਗੁਰੂ ਦਾ ਵਿਕਾਸ ਪਾਰਟੀਬਾਜ਼ੀ ਤੋਂ ਉਪਰ ਉਠ ਕਿ ਕੀਤਾ ਜਾ ਰਿਹਾ ਹੈ ਤਾਂ ਹੀ 2027 ਵਿੱਚ ਪੰਜਾਬ ਦੇ ਲੋਕਾਂ ਦੀ ਪਹਿਲੀ ਪਸੰਦ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣਾ ਹੈ ਅਤੇ ਵਿਕਾਸ ਕਾਰਜਾ ਕਰਕੇ ਲੋਕ ਪੁਰਾਣੀਆਂ ਸਿਆਸੀ ਪਾਰਟੀਆਂ ਨੂੰ ਛੱਡ ਕਿ ਆਮ ਆਦਮੀ ਪਾਰਟੀ ਦਾ ਪੱਲਾ ਫੜ ਰਹੇ ! ਅਤੇ ਹਲਕਾ ਜੰਡਿਆਲਾ ਗੁਰੂ ਤੋਂ ਸ੍ਰ ਹਰਭਜਨ ਸਿੰਘ ਈ.ਟੀ.ਓ 2027 ਫਤਿਹ ਕਰਕੇ ਵੱਡੀ ਲੀਡ ਨਾਲ ਜਿੱਤ ਹਾਸਲ ਕਰਨਗੇ !

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**1962 ਦੀ ਜੰਗ ਦਾ ਸ਼ਹੀਦ ਅੱਜ ਵੀ ਇਨਸਾਫ਼ ਦੀ ਉਡੀਕ ’ਚ !**

# ਦੋ ਸ਼ਹੀਦ ਦੇਣ ਵਾਲੇ ਪਰਿਵਾਰ ਨਾਲ ਸਰਕਾਰੀ ਬੇਰੁਖ਼ੀ, 10 ਕਿਲੇ ਜ਼ਮੀਨ ਦਾ ਵਾਅਦਾ 64 ਸਾਲਾਂ ਬਾਅਦ ਵੀ ਅਧੂਰਾ





**ਲੰਡਨ/ਬਨੂੜ/ਖਰੜ (ਸਰਬਜੀਤ ਸਿੰਘ ਬਨੂੜ)**- ਦੇਸ਼ ਲਈ ਆਪਣੀ ਜਾਨ ਕੁਰਬਾਨ ਕਰਨ ਵਾਲੇ ਫੌਜੀ ਜਵਾਨਾਂ ਨੂੰ ਸਰਕਾਰਾਂ ਵੱਲੋਂ ਸਨਮਾਨ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਸੰਭਾਲ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾਂਦੇ ਹਨ ਪਰ ਜਦੋਂ ਹਕੀਕਤ ਸਾਹਮਣੇ ਆਉਂਦੀ ਹੈ ਤਾਂ ਕਈ ਵਾਰ ਇਹ ਦਾਅਵੇ ਕਾਗਜ਼ਾਂ ਤੱਕ ਹੀ ਸੀਮਤ ਨਜ਼ਰ ਆਉਂਦੇ ਹਨ। 1962 ਦੀ ਭਾਰਤ-ਚੀਨ ਜੰਗ ਵਿੱਚ ਸ਼ਹੀਦ ਹੋਏ ਨਾਇਕ ਭਾਗ ਸਿੰਘ ਦੇ ਪਰਿਵਾਰ ਦੀ ਕਹਾਣੀ ਵੀ ਕੁਝ ਅਜਿਹੀ ਹੀ ਹੈ, ਜਿੱਥੇ ਇੱਕ ਸ਼ਹੀਦ ਦੀ ਕੁਰਬਾਨੀ ਤੋਂ ਬਾਅਦ ਵੀ ਉਸ ਦੇ ਪਰਿਵਾਰ ਨੂੰ ਇਨਸਾਫ਼ ਨਹੀਂ ਮਿਲ ਸਕਿਆ। ਬਡਾਲੀ (ਤਹਿਸੀਲ ਖਰੜ, ਮੌਜੂਦਾ ਜ਼ਿਲ੍ਹਾ ਰੂਪਨਗਰ) ਦੇ ਵਸਨੀਕ ਹਜ਼ਾਰਾ ਸਿੰਘ ਦਾ ਪੁੱਤਰ ਨਾਇਕ ਭਾਗ ਸਿੰਘ 21 ਨਵੰਬਰ 1962 ਨੂੰ ਭਾਰਤ-ਚੀਨ ਜੰਗ ਦੌਰਾਨ ਦੁਸ਼ਮਣ ਨਾਲ ਲੜਦਿਆਂ ਸ਼ਹੀਦ ਹੋ ਗਿਆ। ਭਾਰਤ ਦੇ ਤਤਕਾਲੀ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਦੇ ਸ਼ੋਕ ਸੰਦੇਸ਼ ਨੂੰ ਫੌਜ ਵੱਲੋਂ 29 ਅਗਸਤ 1963 ਨੂੰ ਭੇਜੇ ਗਏ ਸ਼ੋਕ-ਪੱਤਰ ਵਿੱਚ ਵੀ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਕਿ ਉਹ 4 ਸਿੱਖ ਲਾਈਟ ਇਨਫੈਂਟਰੀ ਵਿੱਚ ਸੇਵਾ ਨਿਭਾਉਂਦਿਆਂ ਦੁਸ਼ਮਣ ਦੀ ਕਾਰਵਾਈ ਦੌਰਾਨ ਸ਼ਹੀਦ ਹੋਏ ਸਨ। ਉਸ ਵੇਲੇ ਸਰਕਾਰ ਵੱਲੋਂ ਸ਼ਹੀਦ ਪਰਿਵਾਰਾਂ ਨੂੰ 10 ਕਿਲੇ ਜ਼ਮੀਨ ਅਲਾਟ ਕਰਨ ਦਾ ਐਲਾਨ ਕੀਤਾ ਗਿਆ ਸੀ ਪਰ ਪਰਿਵਾਰ ਦਾ ਦੋਸ਼ ਹੈ ਕਿ ਇਹ ਵਾਅਦਾ ਅੱਜ ਤੱਕ ਹਕੀਕਤ ਨਹੀਂ ਬਣ ਸਕਿਆ। ਬੁਜ਼ੁਰਗ ਪਿਤਾ ਹਜ਼ਾਰਾ ਸਿੰਘ ਉਮਰ ਭਰ ਸਰਕਾਰੀ ਦਫ਼ਤਰਾਂ ਦੇ ਚੱਕਰ ਲਾਉਂਦਾ ਰਿਹਾ ਪਰ ਜ਼ਮੀਨ ਦਾ ਇੱਕ ਟੁਕੜਾ ਵੀ ਉਸ ਦੇ ਹੱਥ ਨਾ ਆਇਆ ਅਤੇ ਆਖ਼ਰਕਾਰ ਉਹ ਇਨਸਾਫ਼ ਦੀ ਉਡੀਕ ਕਰਦਿਆਂ ਇਸ ਦੁਨੀਆ ਤੋਂ ਰੁਖ਼ਸਤ ਹੋ ਗਿਆ। ਉੱਧਰ ਸ਼ਹੀਦ ਭਾਗ ਸਿੰਘ ਦੀ ਪਤਨੀ ਬੀਬੀ ਜਰਨੈਲ ਕੌਰ ਨੂੰ ਪਰਿਵਾਰਕ ਹਾਲਾਤਾਂ ਕਾਰਨ ਪੇਕੇ ਘਰ ਲਿਜਾ ਕੇ ਦੂਜਾ ਵਿਆਹ ਕਰ ਦਿੱਤਾ ਗਿਆ। ਫਿਰ ਵੀ ਅਦਾਲਤ ਨੇ ਇੱਕ ਅਹਿਮ ਫ਼ੈਸਲਾ ਦਿੰਦਿਆਂ ਸ਼ਹੀਦ ਦੀ ਪੈਨਸ਼ਨ ’ਤੇ ਪਿਤਾ ਅਤੇ ਪਤਨੀ ਦੋਵਾਂ ਦਾ ਹੱਕ ਮੰਨਿਆ ਅਤੇ ਹੁਕਮ ਦਿੱਤਾ ਕਿ ਜਦੋਂ ਤੱਕ ਦੋਵੇਂ ਜਿਉਂਦੇ ਹਨ, ਪੈਨਸ਼ਨ ਬਰਾਬਰ-ਬਰਾਬਰ ਦਿੱਤੀ ਜਾਵੇ। ਪੈਨਸ਼ਨ ਦਾ ਹੱਕ ਤਾਂ ਮਿਲ ਗਿਆ, ਪਰ ਪਰਿਵਾਰ ਦਾ ਕਹਿਣਾ ਹੈ ਕਿ ਜ਼ਮੀਨ ਦੀ ਅਲਾਟਮੈਂਟ ਨੂੰ ਮਨਜ਼ੂਰੀ ਮਿਲਣ ਦੇ ਬਾਵਜੂਦ ਅੱਜ ਤੱਕ ਅਮਲ ਨਹੀਂ ਹੋਇਆ।

ਇਸ ਪਰਿਵਾਰ ਦੀ ਦੇਸ਼ ਸੇਵਾ ਦੀ ਕਹਾਣੀ ਇੱਥੇ ਹੀ ਖ਼ਤਮ ਨਹੀਂ ਹੁੰਦੀ। ਬਰਤਾਨੀਆ ਅਧੀਨ ਭਾਰਤ ਦੇਸ਼ ਸਮੇਂ ਸ. ਹਰਨਾਮ ਸਿੰਘ ਅਤੇ ਉਨ੍ਹਾਂ ਦੀ ਪਤਨੀ ਇੰਦ ਕੌਰ ਦੇ ਅੱਠ ਪੁੱਤਰਾਂ ਵਿੱਚੋਂ ਸੱਤ ਨੇ ਫੌਜ ਵਿੱਚ ਸੇਵਾ ਨਿਭਾਈ। ਇਨ੍ਹਾਂ ਵਿੱਚੋਂ ਸ. ਕਰੋੜਾ ਸਿੰਘ ਦੂਜੇ ਵਿਸ਼ਵ ਯੁੱਧ ਦੌਰਾਨ ਮਿਸਰ (ਈਜਿਪਟ) ਵਿੱਚ ਸ਼ਹੀਦ ਹੋਏ, ਜਦਕਿ ਉਨ੍ਹਾਂ ਦੇ ਭਤੀਜੇ ਨਾਇਕ ਭਾਗ ਸਿੰਘ ਨੇ 1962 ਦੀ ਜੰਗ ਵਿੱਚ ਦੇਸ਼ ਲਈ ਸਰਵਉੱਚ ਕੁਰਬਾਨੀ ਦਿੱਤੀ। ਇਸ ਤਰ੍ਹਾਂ ਇੱਕੋ ਪਰਿਵਾਰ ਨੇ ਚਾਚਾ-ਭਤੀਜੇ ਦੇ ਰੂਪ ਵਿੱਚ ਦੋ ਸ਼ਹਾਦਤਾਂ ਦੇਸ਼ ਦੀ ਝੋਲੀ ਵਿੱਚ ਪਾਈਆਂ, ਪਰ ਪਰਿਵਾਰ ਦਾ ਦੋਸ਼ ਹੈ ਕਿ ਉਨ੍ਹਾਂ ਨੂੰ ਉਹ ਸਨਮਾਨ ਅਤੇ ਹੱਕ ਨਹੀਂ ਮਿਲੇ, ਜਿਸ ਦੇ ਉਹ ਹੱਕਦਾਰ ਸਨ।

ਪਰਿਵਾਰ ਦਾ ਕਹਿਣਾ ਹੈ ਕਿ ਜੇ ਸਰਕਾਰ ਸੱਚਮੁੱਚ ਨੌਜਵਾਨਾਂ ਨੂੰ ਫੌਜ ਵਿੱਚ ਭਰਤੀ ਹੋਣ ਲਈ ਪ੍ਰੇਰਿਤ ਕਰਨਾ ਚਾਹੁੰਦੀ ਹੈ ਤਾਂ ਪਹਿਲਾਂ ਉਨ੍ਹਾਂ ਸ਼ਹੀਦਾਂ ਦੇ ਪਰਿਵਾਰਾਂ ਨਾਲ ਕੀਤੇ ਵਾਅਦੇ ਪੂਰੇ ਕਰੇ, ਜਿਨ੍ਹਾਂ ਨੇ ਆਪਣਾ ਸਭ ਕੁਝ ਦੇਸ਼ ਲਈ ਕੁਰਬਾਨ ਕਰ ਦਿੱਤਾ। ਅੱਜ ਵੀ ਸ਼ਹੀਦ ਭਾਗ ਸਿੰਘ ਦੀ ਪਤਨੀ ਦੀਆਂ ਨਜ਼ਰਾਂ ਭਾਰਤ ਸਰਕਾਰ ਅਤੇ ਫੌਜ ਦੇ ਉਸ ਫ਼ੈਸਲੇ ’ਤੇ ਟਿਕੀਆਂ ਹੋਈਆਂ ਹਨ, ਜਿਸ ਦੀ ਉਡੀਕ ਕਰਦਿਆਂ ਛੇ ਦਹਾਕਿਆਂ ਤੋਂ ਵੱਧ ਦਾ ਸਮਾਂ ਬੀਤ ਚੁੱਕਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

**1991 ਵਿੱਚ ਵੀ ਉੱਠਿਆ ਸੀ ਮੁੱਦਾ, ਫਿਰ ਵੀ ਨਹੀਂ ਮਿਲਿਆ ਇਨਸਾਫ਼-** ਹੈਰਾਨੀ ਦੀ ਗੱਲ ਹੈ ਕਿ 30 ਸਤੰਬਰ 1991 ਨੂੰ ਪੰਜਾਬ ਦੇ ਅਖ਼ਬਾਰਾਂ ਵਿੱਚ “ਸ਼ਿਕਾਇਤਾਂ ਦਾ ਮੌਕੇ ’ਤੇ ਨਿਪਟਾਰਾ” ਸਿਰਲੇਖ ਹੇਠ ਸ਼ਹੀਦ ਪਰਿਵਾਰਾਂ ਨੂੰ ਐਲਾਨੀ ਗਈ ਜ਼ਮੀਨ ਨਾ ਮਿਲਣ ਦਾ ਮੁੱਦਾ ਪ੍ਰਮੁੱਖਤਾ ਨਾਲ ਪ੍ਰਕਾਸ਼ਿਤ ਹੋਇਆ ਸੀ। ਉਸ ਸਮੇਂ ਵੀ ਸਰਕਾਰੀ ਅਧਿਕਾਰੀਆਂ ਅੱਗੇ ਇਹ ਸ਼ਿਕਾਇਤ ਰੱਖੀ ਗਈ ਕਿ ਕਈ ਸ਼ਹੀਦ ਪਰਿਵਾਰ ਅਜੇ ਤੱਕ ਸਰਕਾਰ ਵੱਲੋਂ ਵਾਅਦਾ ਕੀਤੀ ਜ਼ਮੀਨ ਤੋਂ ਵਾਂਝੇ ਹਨ। ਪਰਿਵਾਰ ਨੂੰ ਭਰੋਸਾ ਤਾਂ ਦਿੱਤਾ ਗਿਆ, ਪਰ ਦਹਾਕਿਆਂ ਬੀਤ ਜਾਣ ਦੇ ਬਾਵਜੂਦ ਨਾਇਕ ਭਾਗ ਸਿੰਘ ਦੇ ਪਰਿਵਾਰ ਦੇ ਹਿੱਸੇ ਦਾ ਇਨਸਾਫ਼ ਅੱਜ ਵੀ ਸਰਕਾਰੀ ਫਾਈਲਾਂ ਵਿੱਚ ਹੀ ਕੈਦ ਹੈ। 1962 ਦੀ ਸ਼ਹਾਦਤ ਤੋਂ ਬਾਅਦ 1991 ਵਿੱਚ ਵੀ ਇਹ ਮੁੱਦਾ ਸਰਕਾਰੀ ਦਰਬਾਰ ਤੱਕ ਪਹੁੰਚਿਆ, ਪਰ 2026 ਤੱਕ ਵੀ ਨਾ ਜ਼ਮੀਨ ਮਿਲੀ ਤੇ ਨਾ ਹੀ ਵਾਅਦਾ ਪੂਰਾ ਹੋਇਆ। ਇਹ ਸਵਾਲ ਅੱਜ ਵੀ ਬਰਕਰਾਰ ਹੈ ਕਿ ਸ਼ਹੀਦਾਂ ਦੇ ਪਰਿਵਾਰਾਂ ਨਾਲ ਕੀਤੇ ਵਾਅਦੇ ਆਖ਼ਰ ਕਦੋਂ ਨਿਭਾਏ ਜਾਣਗੇ?

# ਸਮਾਜਿਕ ਨਿਆਂ ਦੇ ਵਿਰੁੱਧ “ਨੀਟ” ਨੂੰ ਤੁਰੰਤ ਰੱਦ ਕੀਤਾ ਜਾਵੇ: ਜੀਵਨ ਸਿੰਘ ਤਾਮਿਲ




ਨਵੀਂ ਦਿੱਲੀ 25 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਬਹੁਜਨ ਦ੍ਰਾਵਿੜ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਜੀਵਨ ਸਿੰਘ ਤਾਮਿਲ ਨੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਨੂੰ ਨਾਕਾਫ਼ੀ ਕਰਾਰ ਦਿੰਦਿਆਂ ਕਿਹਾ ਹੈ ਕਿ ਦੇਸ਼ ਦੇ ਸ਼ੋਸ਼ਿਤ ਅਤੇ ਵੰਚਿਤ ਵਰਗਾਂ ਨਾਲ ਹੋ ਰਹੇ ਅਨਿਆਂ ਦਾ ਅਸਲ ਹੱਲ “ਨੀਟ” ਪ੍ਰੀਖਿਆ ਪ੍ਰਣਾਲੀ ਦਾ ਮੁਕੰਮਲ ਖਾਤਮਾ ਹੈ। ਮੀਡੀਆ ਨੂੰ ਜਾਰੀ ਕੀਤੇ ਪ੍ਰੈੱਸ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਕਿਸੇ ਇੱਕ ਮੰਤਰੀ ਦਾ ਅਸਤੀਫਾ ਇਸ ਗੰਭੀਰ ਸਮੱਸਿਆ ਦਾ ਹੱਲ ਨਹੀਂ ਹੋ ਸਕਦਾ। ਜਦੋਂ ਤੱਕ “ਨੀਟ” ਵਰਗੀ ਪ੍ਰਣਾਲੀ ਨੂੰ ਰੱਦ ਨਹੀਂ ਕੀਤਾ ਜਾਂਦਾ, ਉਦੋਂ ਤੱਕ ਅਨੁਸੂਚਿਤ ਜਾਤੀਆਂ (ਐੱਸ.ਸੀ.), ਅਨੁਸੂਚਿਤ ਕਬੀਲਿਆਂ (ਐੱਸ.ਟੀ.), ਹੋਰ ਪੱਛੜੀਆਂ ਸ਼੍ਰੇਣੀਆਂ (ਓ.ਬੀ.ਸੀ.) ਅਤੇ ਆਰਥਿਕ ਤੇ ਸਮਾਜਿਕ ਤੌਰ ’ਤੇ ਪਛੜੇ ਵਿਦਿਆਰਥੀਆਂ ਨੂੰ ਡਾਕਟਰੀ ਸਿੱਖਿਆ ਵਿੱਚ ਬਰਾਬਰ ਦੇ ਮੌਕੇ ਨਹੀਂ ਮਿਲ ਸਕਦੇ। ਜੀਵਨ ਸਿੰਘ ਤਾਮਿਲ ਨੇ ਕਿਹਾ ਕਿ “ਨੀਟ ਸਮਾਜਿਕ ਨਿਆਂ ਦੀ ਭਾਵਨਾ ਦੇ ਉਲਟ ਇੱਕ ਅਜਿਹੀ ਪ੍ਰਣਾਲੀ ਹੈ, ਜਿਸ ਨੇ ਲੱਖਾਂ ਗਰੀਬ ਅਤੇ ਪੇਂਡੂ ਵਿਦਿਆਰਥੀਆਂ ਦੇ ਸੁਪਨਿਆਂ ਨੂੰ ਝਟਕਾ ਦਿੱਤਾ ਹੈ। ਇਸ ਲਈ ਇਸ ਦਾ ਮੁਕੰਮਲ ਖਾਤਮਾ ਹੀ ਸਥਾਈ ਹੱਲ ਹੈ।” ਉਨ੍ਹਾਂ ਚੇਤਾਵਨੀ ਦਿੱਤੀ ਕਿ ਜਦੋਂ ਤੱਕ ਸਮਾਜਿਕ ਨਿਆਂ ਨੂੰ ਕਮਜ਼ੋਰ ਕਰਨ ਵਾਲੀ ਇਸ ਨੀਤੀ ਨੂੰ ਜੜ੍ਹੋਂ ਖਤਮ ਨਹੀਂ ਕੀਤਾ ਜਾਂਦਾ, ਉਦੋਂ ਤੱਕ ਬਹੁਜਨ ਦ੍ਰਾਵਿੜ ਪਾਰਟੀ ਆਪਣੇ ਵਿਦਿਆਰਥੀਆਂ ਅਤੇ ਲੋਕਾਂ ਨਾਲ ਮਿਲ ਕੇ ਸੰਘਰਸ਼ ਜਾਰੀ ਰੱਖੇਗੀ। ਉਨ੍ਹਾਂ ਕਿਹਾ, “ਸਾਡਾ ਸੰਘਰਸ਼ ਕਿਸੇ ਵਿਅਕਤੀ ਦੇ ਅਸਤੀਫੇ ਲਈ ਨਹੀਂ, ਸਗੋਂ ਸਮਾਜਿਕ ਨਿਆਂ ਦੀ ਬਹਾਲੀ ਅਤੇ ’ਨੀਟ’ ਦੇ ਮੁਕੰਮਲ ਖਾਤਮੇ ਲਈ ਹੈ। ਅਸੀਂ ਹਰ ਪੱਧਰ ’ਤੇ ਇਸ ਲੜਾਈ ਨੂੰ ਜਾਰੀ ਰੱਖਾਂਗੇ।”

ਆਵਾਜ਼ਿ ਕੌਮ AWAZE QAUM International Newspaper & WEB TV

**ਭਾਰਤ ਵਿੱਚ ਪੇਪਰ ਲੀਕ ਮਾਮਲਿਆਂ ਦੀ ਗੂੰਜ ਹੇਗ ਤੱਕ ਪੁੱਜੀ, ਅੰਤਰਰਾਸ਼ਟਰੀ ਅਦਾਲਤ ਸਾਹਮਣੇ ਵਿਦਿਆਰਥੀਆਂ ਦੇ ਹੱਕ ਵਿੱਚ ਪ੍ਰਦਰਸ਼ਨ**

# ਜੰਤਰ-ਮੰਤਰ ਵਿਖੇ ਵਿਦਿਆਰਥੀਆਂ ’ਤੇ ਕਥਿਤ ਲਾਠੀਚਾਰਜ ਦੀ ਨਿੰਦਾ, ਪੇਪਰ ਲੀਕ ਮਾਮਲਿਆਂ ਦੀ ਨਿਰਪੱਖ ਜਾਂਚ ਦੀ ਉਠੀ ਮੰਗ

ਹੇਗ (ਨੀਦਰਲੈਂਡ), - ਸਰਬਜੀਤ ਸਿੰਘ ਬਨੂੜ- ਭਾਰਤ ਵਿੱਚ ਕਥਿਤ ਪੇਪਰ ਲੀਕ ਮਾਮਲਿਆਂ ਅਤੇ ਨਵੀਂ ਦਿੱਲੀ ਦੇ ਜੰਤਰ-ਮੰਤਰ ਵਿਖੇ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ’ਤੇ ਹੋਈ ਕਥਿਤ ਪੁਲਿਸ ਕਾਰਵਾਈ ਦੇ ਵਿਰੋਧ ਵਿੱਚ ਸ਼ਨੀਵਾਰ ਨੂੰ ਨੀਦਰਲੈਂਡ ਦੇ ਸ਼ਹਿਰ ਹੇਗ ਸਥਿਤ ਅੰਤਰਰਾਸ਼ਟਰੀ ਅਦਾਲਤ (ਆਈਸੀਜੇ) ਦੇ ਬਾਹਰ ਸ਼ਾਂਤਮਈ ਪ੍ਰਦਰਸ਼ਨ ਕੀਤਾ ਗਿਆ।

ਇਸ ਪ੍ਰਦਰਸ਼ਨ ਵਿੱਚ ਕਰੀਬ 100 ਲੋਕਾਂ ਨੇ ਸ਼ਮੂਲੀਅਤ ਕੀਤੀ। ਪ੍ਰਦਰਸ਼ਨ ਵਿੱਚ ਵਿਦਿਆਰਥੀਆਂ, ਭਾਰਤੀ ਮੂਲ ਦੇ ਲੋਕਾਂ ਅਤੇ ਮਨੁੱਖੀ ਅਧਿਕਾਰਾਂ ਦੇ ਹਮਾਇਤੀਆਂ ਨੇ ਹੱਥਾਂ ਵਿੱਚ ਬੈਨਰ ਅਤੇ ਤਖ਼ਤੀਆਂ ਫੜ ਕੇ ਪੇਪਰ ਲੀਕ ਮਾਮਲਿਆਂ ਦੀ ਪਾਰਦਰਸ਼ੀ ਜਾਂਚ, ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਰਵਾਈ ਅਤੇ ਪ੍ਰਭਾਵਿਤ ਵਿਦਿਆਰਥੀਆਂ ਨੂੰ ਇਨਸਾਫ਼ ਦੇਣ ਦੀ ਮੰਗ ਕੀਤੀ। ਪ੍ਰਦਰਸ਼ਨ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਪੇਪਰ ਲੀਕ ਦੀਆਂ ਘਟਨਾਵਾਂ ਕਾਰਨ ਲੱਖਾਂ ਵਿਦਿਆਰਥੀਆਂ ਦੇ ਭਵਿੱਖ ’ਤੇ ਸਵਾਲ ਖੜ੍ਹੇ ਹੋਏ ਹਨ। ਉਨ੍ਹਾਂ ਨੇ ਜੰਤਰ-ਮੰਤਰ ਵਿਖੇ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ’ਤੇ ਹੋਏ ਕਥਿਤ ਲਾਠੀਚਾਰਜ ਦੀ ਨਿੰਦਾ ਕਰਦਿਆਂ ਕਿਹਾ ਕਿ ਲੋਕਤੰਤਰ ਵਿੱਚ ਆਪਣੀ ਆਵਾਜ਼ ਉਠਾਉਣਾ ਹਰ ਨਾਗਰਿਕ ਦਾ ਸੰਵਿਧਾਨਕ ਹੱਕ ਹੈ, ਜਿਸ ਦੀ ਰੱਖਿਆ ਕੀਤੀ ਜਾਣੀ ਚਾਹੀਦੀ ਹੈ। ਪ੍ਰਦਰਸ਼ਨਕਾਰੀਆਂ ਨੇ ਭਾਰਤ ਸਰਕਾਰ ਤੋਂ ਮੰਗ ਕੀਤੀ ਕਿ ਪੇਪਰ ਲੀਕ ਮਾਮਲਿਆਂ ਦੀ ਨਿਰਪੱਖ ਅਤੇ ਸੁਤੰਤਰ ਜਾਂਚ ਕਰਵਾ ਕੇ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਜ਼ਾ ਦਿੱਤੀ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਨੇ ਵਿਦਿਆਰਥੀਆਂ ਦੇ ਲੋਕਤਾਂਤਰਿਕ ਅਤੇ ਸੰਵਿਧਾਨਕ ਅਧਿਕਾਰਾਂ ਦੀ ਪੂਰੀ ਸੁਰੱਖਿਆ ਯਕੀਨੀ ਬਣਾਉਣ ਦੀ ਅਪੀਲ ਵੀ ਕੀਤੀ। ਪ੍ਰਦਰਸ਼ਨ ਸ਼ਾਂਤਮਈ ਢੰਗ ਨਾਲ ਸੰਪੰਨ ਹੋਇਆ। ਸਮੂਹ ਵਿਦਿਆਰਥੀਆਂ ਨੇ ਭਾਰਤ ਦੇ ਵਿਦਿਆਰਥੀਆਂ ਨਾਲ ਇਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ ਸਿੱਖਿਆ ਪ੍ਰਣਾਲੀ ਵਿੱਚ ਪਾਰਦਰਸ਼ਤਾ, ਜਵਾਬਦੇਹੀ ਅਤੇ ਨਿਆਂ ਯਕੀਨੀ ਬਣਾਉਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV












★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

+447458381111 +447976210161 +919729091243